ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/1948995821245311/

https://youtu.be/LQwolgxDu7I

awazeqaumtvpunjab@gmail.com

ਬੁੱਧਵਾਰ, 21 ਜਨਵਰੀ 2026 (ਨਾਨਕਸ਼ਾਹੀ ਸੰਮਤ : ੫੫੭, ੮ ਮਾਘ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ.ਕੇ., ਸੰਪਰਕ : +447458381111,+447976210161,+919729091243




## ਬੈਡਮਿੰਟਨ ਸਟਾਰ ਸਾਇਨਾ ਨੇਹਵਾਲ ਨੇ ਲਿਆ ਸੰਨਿਆਸ

**ਨਵੀਂ ਦਿੱਲੀ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭਾਰਤ ਦੀ ਦਿੱਗਜ਼ ਬੈਡਮਿੰਟਨ ਖਿਡਾਰਨ ਸਾਇਨਾ ਨੇਹਵਾਲ ਨੇ ਆਪਣੀ ਸੰਨਿਆਸ ਦਾ ਐਲਾਨ ਕਰ ਦਿੱਤਾ ਹੈ। ਲੰਬੇ ਸਮੇਂ ਤੋਂ ਚੱਲ ਰਹੀ ਗੰਭੀਰ ਗੋਡਿਆਂ ਦੀ ਸਮੱਸਿਆ ਅਤੇ ਰਿਕਵਰੀ ਦੀ ਘਾਟ ਨੇ ਆਖਰਕਾਰ ਉਸਨੂੰ ਇਹ ਫੈਸਲਾ ਲੈਣ ਲਈ ਮਜਬੂਰ ਕਰ ਦਿੱਤਾ। ਇੱਕ ਪੋਡਕਾਸਟ ਵਿੱਚ ਸਾਇਨਾ ਨੇ ਕਿਹਾ ਕਿ ਉਸਦੇ ਗੋਡਿਆਂ ਵਿੱਚ ਕਾਫ਼ੀ ਸਮੱਸਿਆ ਆਈ ਹੈ, ਜਿਸ ਕਾਰਨ ਉੱਚ ਪੱਧਰੀ ਸਿਖਲਾਈ ਅਸੰਭਵ ਹੋ ਗਈ ਹੈ। ਸਾਇਨਾ ਦਾ ਇਹ ਐਲਾਨ ਇੱਕ ਅਜਿਹੇ ਸਫ਼ਰ ਦੇ ਅੰਤ ਨੂੰ ਦਰਸਾਉਂਦੀ ਹੈ, ਜਿਸਨੇ ਭਾਰਤੀ ਬੈਡਮਿੰਟਨ ਦੀ ਵਿਆਖਿਆ ਨੂੰ ਬਦਲ ਦਿੱਤਾ। ਓਲੰਪਿਕ ਤਗਮਿਆਂ, ਇੱਕ ਵਿਸ਼ਵ ਚੈਂਪੀਅਨਸ਼ਿਪ ਪੋਡੀਅਮ, ਇੱਕ ਵਿਸ਼ਵ ਨੰਬਰ 1 ਰੈਂਕਿੰਗ ਅਤੇ 10 ਸੁਪਰ ਸੀਰੀਜ਼ ਖਿਤਾਬਾਂ ਦਾ 21 ਸਾਲਾਂ ਦਾ ਕਰੀਅਰ ਦੀਆਂ ਇਹ ਸਾਰੀਆਂ ਪ੍ਰਾਪਤੀਆਂ ਪਹਿਲਾਂ ਦੇ ਭਾਰਤੀ ਖਿਡਾਰੀਆਂ ਲਈ ਬਹੁਤ ਅਨਮੋਲ ਸਨ। ਸਾਇਨਾ ਦੇ ਸੰਨਿਆਸ ਦਾ ਐਲਾਨ ਉਸ ਸਮੇਂ ਆਇਆ, ਜਦੋਂ ਉਹ ਕਈ ਮਹੀਨਿਆਂ ਤੋਂ ਕੌਮਾਂਤਰੀ ਮੰਚ ਤੋਂ ਬਾਹਰ ਸੀ। ਉਸਦੀ ਆਖਰੀ ਪ੍ਰਤੀਯੋਗੀ ਪੇਸ਼ਕਾਰੀ ਸਿੰਗਾਪੁਰ ਓਪਨ 2023 ਵਿੱਚ ਸੀ।



## ਪੰਜਾਬ ਸਰਕਾਰ ਨੂੰ ਹਾਈਕੋਰਟ ਦਾ ਨੋਟਿਸ

# ਮਿਲੀਭੁਗਤ ਨਾਲ ਚੱਲ ਰਹੀ ਭਾਰਤ-ਪਾਕਿ ਸਰਹੱਦ 'ਤੇ ਗ਼ੈਰ-ਕਾਨੂੰਨੀ ਮਾਈਨਿੰਗ

**ਚੰਡੀਗੜ੍ਹ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਭਾਰਤ-ਪਾਕਿਸਤਾਨ ਸਰਹੱਦ 'ਤੇ ਗੈਰ-ਕਾਨੂੰਨੀ ਮਾਈਨਿੰਗ ਦਾ ਇੱਕ ਹੋਰ ਮਾਮਲਾ ਹਾਈ ਕੋਰਟ ਵਿੱਚ ਪਹੁੰਚ ਗਿਆ ਹੈ। ਇਲਜ਼ਾਮ ਹੈ ਕਿ ਕੇਂਦਰ ਸਰਕਾਰ ਵੱਲੋਂ ਬੀਐਸਐਫ ਨੂੰ ਦਿੱਤੀ ਗਈ ਜ਼ਮੀਨ 'ਤੇ ਸਰਕਾਰੀ ਅਧਿਕਾਰੀਆਂ ਦੀ ਮਿਲੀਭੁਗਤ ਨਾਲ ਗੈਰ-ਕਾਨੂੰਨੀ ਮਾਈਨਿੰਗ ਕੀਤੀ ਜਾ ਰਹੀ ਹੈ। ਹਾਈ ਕੋਰਟ ਨੇ ਇਸ ਮਾਮਲੇ ਵਿੱਚ ਪੰਜਾਬ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਪਠਾਨਕੋਟ ਦੇ ਡੀਸੀ ਤੋਂ ਜਵਾਬ ਅਤੇ ਪੂਰੀ ਰਿਪੋਰਟ ਮੰਗੀ ਹੈ। ਹਾਈ ਕੋਰਟ ਨੇ ਕਿਹਾ, "ਅਸੀਂ ਆਪਣੀਆਂ ਅੱਖਾਂ ਬੰਦ ਨਹੀਂ ਕਰ ਸਕਦੇ; ਇਹ ਬਹੁਤ ਗੰਭੀਰ ਮਾਮਲਾ ਹੈ।" ਇਸ ਮਾਮਲੇ ਬਾਰੇ, ਪਠਾਨਕੋਟ ਦੇ ਤਹਿਸੀਲ ਨਰੋਟ ਜੈਮਲ ਸਿੰਘ ਦੇ ਪਿੰਡ ਚੱਕ ਕੌਸ਼ਿਲਆ ਦੇ ਸਥਾਨਕ ਨਿਵਾਸੀ ਕਰਨ ਸਿੰਘ ਨੇ ਹਾਈ ਕੋਰਟ ਵਿੱਚ ਦਾਇਰ ਇੱਕ ਪਟੀਸ਼ਨ ਵਿੱਚ ਕਿਹਾ ਕਿ ਰਾਵੀ ਨਦੀ ਦੇ ਕੰਢੇ 845 ਕਨਾਲ ਜ਼ਮੀਨ, ਜੋ ਕਿ 2020-21 ਜਮ੍ਹਾਂਬੰਦੀ ਦੇ ਤਹਿਤ ਕੇਂਦਰ ਸਰਕਾਰ ਦੀ ਜਾਇਦਾਦ ਹੈ, ਅਤੇ ਬੀਐਸਐਫ ਦੇ ਨਿਯੰਤਰਣ ਅਧੀਨ ਹੈ, ਸਰਕਾਰੀ ਅਧਿਕਾਰੀਆਂ ਅਤੇ ਸਟੋਨ ਕਰੱਸ਼ਰ ਮਾਲਕਾਂ ਦੀ ਮਿਲੀਭੁਗਤ ਨਾਲ ਗੈਰ-ਕਾਨੂੰਨੀ ਮਾਈਨਿੰਗ ਕੀਤੀ ਜਾ ਰਹੀ ਹੈ। ਪਟੀਸ਼ਨ ਵਿੱਚ ਦੋਸ਼ ਲਗਾਇਆ ਗਿਆ ਹੈ ਕਿ ਸੀਨੀਅਰ ਪੁਲਿਸ ਅਧਿਕਾਰੀਆਂ ਦੇ ਰਿਸ਼ਤੇਦਾਰਾਂ ਅਤੇ ਨਜ਼ਦੀਕੀ ਸਾਥੀਆਂ ਨੇ ਕੁਝ ਮਾਲ ਅਧਿਕਾਰੀਆਂ ਅਤੇ ਸਟੋਨ ਕਰੱਸ਼ਰ ਸੰਚਾਲਕਾਂ ਨਾਲ ਮਿਲ ਕੇ ਇਸ ਸਰਕਾਰੀ ਜ਼ਮੀਨ 'ਤੇ ਗੈਰ-ਕਾਨੂੰਨੀ ਕਬਜ਼ਾ ਕੀਤਾ ਹੈ ਅਤੇ ਝੂਠੇ ਸਰਵੇਖਣ ਕੀਤੇ ਹਨ ਅਤੇ ਮਾਲ ਰਿਕਾਰਡਾਂ ਵਿੱਚ ਹੇਰਾਫੇਰੀ ਕੀਤੀ ਹੈ। ਪਟੀਸ਼ਨਕਰਤਾ ਕਰਨ ਸਿੰਘ ਦਾ ਦਾਅਵਾ ਹੈ ਕਿ ਗੈਰ-ਕਾਨੂੰਨੀ ਮਾਈਨਿੰਗ ਅਤੇ ਸਟੋਨ ਕਰੱਸ਼ਰ ਕਾਰਨ ਜ਼ਮੀਨ ਡਿੱਗ ਗਈ ਹੈ, ਧੂੜ ਪ੍ਰਦੂਸ਼ਣ ਹੋਇਆ ਹੈ, ਮਿੱਟੀ 'ਚ ਨਿਘਾਰ ਆਇਆ ਹੈ ਅਤੇ ਜ਼ਮੀਨੀ ਪਾਣੀ ਦੇ ਪੱਧਰ ਵਿੱਚ ਗਿਰਾਵਟ ਆਈ ਹੈ। ਇਲਜ਼ਾਮ ਹੈ ਕਿ ਭਾਰੀ ਮਸ਼ੀਨਰੀ ਵਾਤਾਵਰਣ ਪ੍ਰਵਾਨਗੀ ਅਤੇ ਲਾਇਸੈਂਸਾਂ ਤੋਂ ਬਿਨਾਂ ਚਲਾਈ ਜਾ ਰਹੀ ਹੈ, ਜੋ ਇਹ ਜ਼ਮੀਨ ਭਾਰਤ-ਪਾਕਿਸਤਾਨ ਸਰਹੱਦ ਦੇ ਨਾਲ ਲੱਗਦੀ ਹੈ। ਹਾਈ ਕੋਰਟ ਨੇ ਪਟੀਸ਼ਨ 'ਤੇ ਸੁਣਵਾਈ ਕਰਦੇ ਹੋਏ, ਪੰਜਾਬ ਸਰਕਾਰ ਨੂੰ 23 ਫਰਵਰੀ ਤੱਕ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ ਅਤੇ ਪਠਾਨਕੋਟ ਦੇ ਡਿਪਟੀ ਕਮਿਸ਼ਨਰ ਨੂੰ ਅਗਲੀ ਸੁਣਵਾਈ 'ਤੇ ਹਲਫ਼ਨਾਮਾ ਦਾਇਰ ਕਰਨ ਅਤੇ ਹਾਈ ਕੋਰਟ ਨੂੰ ਰਿਪੋਰਟ ਪੇਸ਼ ਕਰਨ ਦਾ ਹੁਕਮ ਵੀ ਦਿੱਤਾ ਹੈ।



## ਅੰਮ੍ਰਿਤਸਰ 'ਚ ਮੁਕਾਬਲੇ ਦੌਰਾਨ ਗੈਂਗਸਟਰ ਮਨੀ ਪ੍ਰਿੰਸ ਢੇਰ

**ਅੰਮ੍ਰਿਤਸਰ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਦਿਹਾਤੀ ਪੁਲਿਸ ਅਤੇ ਗੈਂਗਸਟਰਾਂ ਵਿਚਾਲੇ ਹੋਈ ਮੁੱਠਭੇੜ 'ਚ ਗੈਂਗਸਟਰ ਮਨੀ ਪ੍ਰਿੰਸ ਨੂੰ ਢੇਰ ਕਰ ਦਿੱਤਾ ਹੈ। ਇਹ ਮੁਕਾਬਲਾ ਅੰਮ੍ਰਿਤਸਰ ਦੇ ਅਟਾਰੀ ਨੇੜੇ ਹੋਇਆ, ਜਿੱਥੇ ਪੁਲਿਸ ਨੇ ਘੇਰਾਬੰਦੀ ਕਰਕੇ ਉਸਨੂੰ ਫੜਨ ਦੀ ਕੋਸ਼ਿਸ਼ ਕੀਤੀ। ਪੁਲਿਸ ਦੀ ਜਵਾਬੀ ਕਾਰਵਾਈ ਦੌਰਾਨ ਮਨੀ ਪ੍ਰਿੰਸ ਮਾਰਿਆ ਗਿਆ। ਗੈਂਗਸਟਰ ਮਨੀ ਪ੍ਰਿੰਸ 'ਤੇ ਤਰਨਤਾਰਨ ਤੇ ਅੰਮ੍ਰਿਤਸਰ 'ਚ ਕਈ ਮਾਮਲੇ ਦਰਜ ਹਨ। ਡੀਆਈਜੀ ਸੰਦੀਪ ਗੋਇਲ ਨੇ ਦੱਸਿਆ ਕਿ ਮਨੀ ਪ੍ਰਿੰਸ ਇੱਕ ਸ਼ਾਤਿਰ ਅਪਰਾਧੀ ਸੀ ,ਜਿਸਦੇ ਖਿਲਾਫ ਤਰਨਤਾਰਨ ਸਮੇਤ ਕਈ ਥਾਣਿਆਂ ਵਿੱਚ ਗੰਭੀਰ ਅਪਰਾਧਿਕ ਮਾਮਲੇ ਦਰਜ ਸਨ। ਡੀਆਈਜੀ ਨੇ ਅੱਗੇ ਦੱਸਿਆ ਕਿ ਉਸਦਾ ਕੁਝ ਦਿਨ ਪਹਿਲਾਂ ਲੋਪੋਕੇ ਪੁਲਿਸ ਨਾਲ ਵੀ ਮੁਕਾਬਲਾ ਹੋਇਆ ਸੀ, ਜਿਸ ਵਿੱਚ ਉਹ ਜ਼ਖਮੀ ਹੋ ਗਿਆ ਸੀ ਅਤੇ ਉਸਨੂੰ ਇਲਾਜ ਲਈ ਹਸਪਤਾਲ ਵਿੱਚ ਦਾਖਲ ਕਰਵਾਇਆ ਗਿਆ ਸੀ। ਹਾਲਾਂਕਿ, ਇਲਾਜ ਦੌਰਾਨ ਮਨੀ ਪ੍ਰਿੰਸ ਪੁਲਿਸ ਨੂੰ ਚਕਮਾ ਦੇ ਕੇ ਹਸਪਤਾਲ ਤੋਂ ਭੱਜ ਗਿਆ। ਉਦੋਂ ਤੋਂ ਪੁਲਿਸ ਉਸਦੀ ਭਾਲ ਕਰ ਰਹੀ ਸੀ। ਅੰਮ੍ਰਿਤਸਰ ਦਿਹਾਤੀ ਪੁਲਿਸ ਨੂੰ ਉਸਦੀ ਮੌਜੂਦਗੀ ਬਾਰੇ ਜਾਣਕਾਰੀ ਮਿਲੀ। ਪੁਲਿਸ ਨੇ ਤੁਰੰਤ ਅਟਾਰੀ ਦੇ ਨੇੜੇ ਖੇਤਰ ਨੂੰ ਘੇਰ ਲਿਆ ਅਤੇ ਮਨੀ ਪ੍ਰਿੰਸ ਨੂੰ ਰੋਕਣ ਦੀ ਕੋਸ਼ਿਸ਼ ਕੀਤੀ। ਪੁਲਿਸ ਨੂੰ ਦੇਖ ਕੇ ਉਸਨੇ ਗੋਲੀਬਾਰੀ ਕਰ ਦਿੱਤੀ। ਪੁਲਿਸ ਨੇ ਜਵਾਬੀ ਕਾਰਵਾਈ ਕੀਤੀ ਅਤੇ ਇਸ ਮੁੱਠਭੇੜ 'ਚ ਮਨੀ ਪ੍ਰਿੰਸ ਮਾਰਿਆ ਗਿਆ। ਡੀਆਈਜੀ ਨੇ ਕਿਹਾ ਕਿ ਮਨੀ ਪ੍ਰਿੰਸ ਨੂੰ ਭੱਜਣ ਵਿੱਚ ਮਦਦ ਕਰਨ ਵਾਲਿਆਂ ਵਿਰੁੱਧ ਸਖ਼ਤ ਕਾਰਵਾਈ ਕੀਤੀ ਜਾਵੇਗੀ। ਅੰਮ੍ਰਿਤਸਰ ਦਿਹਾਤੀ ਪੁਲਿਸ ਦੇ ਲੋਪੋਕੇ ਥਾਣੇ ਦੀ ਪੁਲਿਸ ਨੇ ਪਿਛਲੇ ਦਿਨੀਂ ਗੈਂਗਸਟਰ ਮਨੀ ਪ੍ਰਿੰਸ ਦਾ ਐਨਕਾਊਂਟਰ ਕੀਤਾ ਸੀ ਤੇ ਉਹ ਇਸ ਦੌਰਾਨ ਜ਼ਖ਼ਮੀ ਹੋ ਗਿਆ ਸੀ। ਪੈਰ 'ਚ ਗੋਲੀ ਲੱਗਣ ਤੋਂ ਬਾਅਦ ਉਸ ਨੂੰ ਹਸਪਤਾਲ ਇਲਾਜ਼ ਲਈ ਲਿਆਂਦਾ ਗਿਆ ਸੀ ਪਰ ਇਸ ਦੌਰਾਨ ਮੌਕਾ ਦੇਖ ਕੇ ਉਹ ਫ਼ਰਾਰ ਹੋ ਗਿਆ ਸੀ। ਐਨਕਾਊਂਟਰ ਵਾਲੀ ਜਗ੍ਹਾ ਤੋਂ ਇੱਕ ਪਿਸਟਲ ਤੇ ਕਾਰ ਬਰਾਮਦ ਹੋਈ ਸੀ। ਪੁਲਿਸ ਨੂੰ ਜਾਂਚ ਦੌਰਾਨ ਇਹ ਵੀ ਪਤਾ ਚੱਲਿਆ ਸੀ ਕਿ ਮਨੀ ਪ੍ਰਿੰਸ ਦੋ ਵੱਡੀਆਂ ਘਟਨਾਵਾਂ 'ਚ ਸ਼ਾਮਲ ਰਿਹਾ ਹੈ।



## ਸੁਖਬੀਰ ਬਾਦਲ ਨੇ ਗੋਲਡੀ ਬਰਾੜ ਤੇ ਲਾਰੈਂਸ ਬਿਸ਼ਨੋਈ ਦੇ ਮੁੱਦੇ 'ਤੇ ਘੇਰੀ ਮਾਨ ਸਰਕਾਰ

**ਚੰਡੀਗੜ੍ਹ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨੂੰ ਤਿੰਨ ਅਹਿਮ ਸਵਾਲ ਪੁੱਛ ਕੇ ਕਟਹਿਰੇ 'ਚ ਖੜ੍ਹਾ ਕੀਤਾ ਹੈ। ਸੁਖਬੀਰ ਬਾਦਲ ਨੇ ਸੂਬੇ ਦੀ ਕਾਨੂੰਨ ਵਿਵਸਥਾ ਅਤੇ ਹਾਈ-ਪ੍ਰੋਫਾਈਲ ਅਪਰਾਧਿਕ ਮਾਮਲਿਆਂ ਨੂੰ ਲੈ ਕੇ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਸਵਾਲ ਚੁੱਕੇ ਹਨ। ਸੁਖਬੀਰ ਬਾਦਲ ਨੇ ਪੁੱਛੇ ਤਿੰਨ ਵੱਡੇ ਸਵਾਲ

☛ ਗੋਲਡੀ ਬਰਾੜ ਦੀ ਗ੍ਰਿਫ਼ਤਾਰੀ: ਸੁਖਬੀਰ ਬਾਦਲ ਨੇ ਪੁੱਛਿਆ ਹੈ ਕਿ ਗੋਲਡੀ ਬਰਾੜ ਦੀ ਗ੍ਰਿਫ਼ਤਾਰੀ ਦੇ ਦਾਅਵਿਆਂ ਬਾਰੇ ਹੁਣ ਸਰਕਾਰ ਦਾ ਨਵਾਂ ਬਿਆਨ ਕੀ ਹੈ?

☛ ਲਾਰੈਂਸ ਬਿਸ਼ਨੋਈ ਦੀ ਇੰਟਰਵਿਊ: ਉਨ੍ਹਾਂ ਨੇ ਮੁੱਖ ਮੰਤਰੀ ਨੂੰ ਜੇਲ੍ਹ ਵਿੱਚੋਂ ਹੋਈ ਲਾਰੈਂਸ ਬਿਸ਼ਨੋਈ ਦੀ ਇੰਟਰਵਿਊ ਬਾਰੇ ਆਪਣਾ ਵਿਚਾਰ ਸਪੱਸ਼ਟ ਕਰਨ ਲਈ ਕਿਹਾ ਹੈ।

☛ ਜੱਗੂ ਭਗਵਾਨਪੁਰੀਆ ਮਾਮਲਾ: ਬਾਦਲ ਨੇ ਇਹ ਗੰਭੀਰ ਸਵਾਲ ਵੀ ਚੁੱਕਿਆ ਹੈ ਕਿ ਸਰਕਾਰ ਅਦਾਲਤ ਵਿੱਚ ਜੱਗੂ ਭਗਵਾਨਪੁਰੀਆ ਵਿਰੁੱਧ ਸਬੂਤ ਦੇਣ ਤੋਂ ਕਿਉਂ ਮੁੱਕਰੀ ਹੈ?

ਇਨ੍ਹਾਂ ਸਵਾਲਾਂ ਰਾਹੀਂ ਸੁਖਬੀਰ ਬਾਦਲ ਨੇ ਸਿੱਧੇ ਤੌਰ 'ਤੇ ਮੁੱਖ ਮੰਤਰੀ ਪਾਸੋਂ ਜਵਾਬਦੇਹੀ ਦੀ ਮੰਗ ਕੀਤੀ ਹੈ। ਹੁਣ ਦੇਖਣਾ ਇਹ ਹੋਵੇਗਾ ਕਿ ਸਰਕਾਰ ਇਹਨਾਂ ਸਵਾਲਾਂ ਦਾ ਕੀ ਜਵਾਬ ਦਿੰਦੀ ਹੈ।

**ਪੰਜਾਬ ਦੇ ਮੁੱਖ ਮੰਤਰੀ 'ਚ ਲੋਕਾਂ ਦਾ ਸਾਹਮਣਾ ਕਰਨ ਦੀ ਹਿੰਮਤ ਨਹੀਂ:** ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਤੇ ਪੰਜਾਬ ਦੇ ਸਾਬਕਾ ਉਪ ਮੁੱਖ ਮੰਤਰੀ ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੇ ਮੁੱਖ ਮੰਤਰੀ ਤੇ ਗ੍ਰਹਿ ਮੰਤਰੀ ਭਗਵੰਤ ਮਾਨ 'ਤੇ ਤਿੱਖਾ ਹਮਲਾ ਬੋਲਿਆ ਹੈ। ਉਨ੍ਹਾਂ ਆਖ਼ਿਆ ਹੈ ਕਿ ਪੰਜਾਬ ਸ਼ਾਇਦ ਇਕਲੌਤਾ ਅਜਿਹਾ ਸੂਬਾ ਹੈ ਜਿੱਥੇ ਡੀ.ਜੀ.ਪੀ. ਪ੍ਰੈੱਸ ਕਾਨਫਰੰਸਾਂ ਕਰਦਾ ਹੈ ਕਿਉਂਕਿ ਮੁੱਖ ਮੰਤਰੀ - ਜੋ ਗ੍ਰਹਿ ਮੰਤਰੀ ਵਜੋਂ ਵੀ ਸੇਵਾ ਨਿਭਾਉਂਦੇ ਹਨ - ਕੋਲ ਲੋਕਾਂ ਦਾ ਸਾਹਮਣਾ ਕਰਨ ਦੀ ਹਿੰਮਤ ਨਹੀਂ ਹੈ। ਸੁਖਬੀਰ ਸਿੰਘ ਬਾਦਲ ਨੇ ਪੰਜਾਬ ਦੀ ਕਾਨੂੰਨ ਵਿਵਸਥਾ ਨੂੰ ਲੈ ਕੇ ਸਰਕਾਰ ਨੂੰ ਘੇਰਦਿਆਂ ਕਿਹਾ ਕਿ ਅੱਜ ਕਾਨੂੰਨ ਵਿਵਸਥਾ ਢਹਿ ਚੁੱਕੀ ਹੈ ਤੇ ਜਵਾਬਦੇਹੀ ਗਾਇਬ ਹੋ ਚੁੱਕੀ ਹੈ ਤੇ ਸ਼ਾਸਨ ਪੁਲਸ ਬ੍ਰੀਫਿੰਗ ਤਕ ਸੀਮਤ ਹੋ ਗਿਆ ਹੈ। ਅਕਾਲੀ ਦਲ ਪ੍ਰਧਾਨ ਨੇ ਕਿਹਾ ਕਿ ਜਦੋਂ ਪੰਜਾਬ 'ਚ ਖ਼ੂਨ-ਖਰਾਬਾ ਹੋ ਰਿਹਾ ਹੈ, ਤਾਂ ਅਰਵਿੰਦ ਕੇਜਰੀਵਾਲ ਦੀ ਅਗਵਾਈ ਵਾਲੇ ਸ਼ਾਸਨ ਦਾ ਨਾਮਜ਼ਦ ਮੁੱਖ ਮੰਤਰੀ ਸਟੈਂਡ-ਅਪ ਕਾਮੇਡੀ ਨਾਲ ਮਨੋਰੰਜਨ ਕਰ ਰਹੇ ਹਨ। ਸੁਖਬੀਰ ਸਿੰਘ ਬਾਦਲ ਨੇ ਸੋਸ਼ਲ ਮੀਡੀਆ 'ਤੇ ਭਗਵੰਤ ਮਾਨ ਦਾ ਇਕ ਕਾਰਟੂਨ ਵੀ ਸਾਂਝਾ ਕੀਤਾ ਹੈ।



## ਸ੍ਰੀ ਹਜ਼ੂਰ ਸਾਹਿਬ ਵਿਖੇ ਸ਼ਤਾਬਦੀ ਸਮਾਗਮਾਂ 'ਚ ਸ਼ਮੂਲੀਅਤ ਲਈ ਮੁੱਖ ਮੰਤਰੀ ਮਾਨ ਨੂੰ ਸੱਦਾ ਪੱਤਰ

### ਸੰਤ ਗਿ. ਹਰਨਾਮ ਸਿੰਘ ਖਾਲਸਾ ਤੇ ਜਥੇਦਾਰ ਬਾਬਾ ਕੁਲਵੰਤ ਸਿੰਘ ਦਾ 350 ਸਾਲਾ ਸ਼ਹੀਦੀ ਸਤਾਬਦੀ ਮਨਾਉਣਾ ਸ਼ਲਾਘਾਯੋਗ ਕਾਰਜ-ਭਗਵੰਤ ਮਾਨ

**ਚੌਕ ਮਹਿਤਾ, 20 ਜਨਵਰੀ ( ਬਾਬਾ ਸੁਖਵੰਤ ਸਿੰਘ ਚੰਨਣਕੇ)**-ਧੰਨ ਧੰਨ ਸਾਹਿਬ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਤਖਤ ਸ੍ਰੀ ਹਜ਼ੂਰ ਸਾਹਿਬ ਨੰਦੇੜ ਮਹਾਂਰਾਸ਼ਟਰ ਵਿਖੇ ਵਿਸ਼ਾਲ ਪੱਧਰ ਹੋ ਰਹੇ ਦੋ ਦਿਨਾਂ ਸ਼ਤਾਬਦੀ ਸਮਾਗਮਾਂ 'ਚ ਸ਼ਾਮਿਲ ਹੋਣ ਲਈ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਚੇਅਰਮੈਨ ਸ਼ਹੀਦੀ ਸ਼ਤਾਬਦੀ ਸਮਾਗਮ ਪ੍ਰਬੰਧਕ ਕਮੇਟੀ ਤੇ ਤਖਤ ਸ੍ਰੀ ਹਜ਼ੂਰ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਵਿਸ਼ੇਸ਼ ਤੌਰ 'ਤੇ ਸੱਦਾ ਪੱਤਰ ਭੇਜਿਆ ਗਿਆ। ਦਮਦਮੀ ਟਕਸਾਲ ਵੱਲੋਂ ਮੁੱਖ ਮੰਤਰੀ ਨਿਵਾਸ 'ਤੇ ਪੁੱਜੇ ਗਿਆਨੀ ਸਾਹਬ ਸਿੰਘ, ਭਾਈ ਹਰਸ਼ਦੀਪ ਸਿੰਘ ਰੰਧਾਵਾ ਤੇ ਡਾ.ਅਵਤਾਰ ਸਿੰਘ ਬੁੱਟਰ ਕੋਲੋ ਸੱਦਾ ਪੱਤਰ ਸਵੀਕਾਰ ਕਰਦੇ ਹੋਏ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਦਮਦਮੀ ਟਕਸਾਲ ਤੇ ਤਖਤ ਸ੍ਰੀ ਹਜ਼ੂਰ ਸਾਹਿਬ ਬੋਰਡ ਵੱਲੋਂ ਮਹਾਂਰਾਸ਼ਟਰ ਸਰਕਾਰ ਦੇ ਸਹਿਯੋਗ ਨਾਲ ਮਨਾਈ ਜਾ ਰਹੀ ਇਸ 350 ਸਾਲਾ ਸ਼ਹੀਦੀ ਸ਼ਤਾਬਦੀ ਦੀ ਸ਼ਾਲਾਘਾ ਕਰਦਿਆਂ ਕਿਹਾ ਕਿ 'ਹਿੰਦ ਦੀ ਚਾਦਰ' ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਨੇ ਮਨੁੱਖੀ ਹੱਕਾਂ ਦੀ ਰਾਖੀ ਅਤੇ ਧਾਰਮਿਕ ਆਜ਼ਾਦੀ ਲਈ ਬਲੀਦਾਨ ਦਿੱਤਾ ਸੀ, ਜਿਸ ਦੀ ਮਿਸਾਲ ਦੁਨੀਆ ਦੇ ਇਤਿਹਾਸ ਵਿੱਚ ਹੋਰ ਕਿਤੇ ਨਹੀਂ ਮਿਲਦੀ। ਨੌਵੇਂ ਪਾਤਸ਼ਾਹ ਸਾਂਝੀਵਾਲਤਾ ਤੇ ਧਰਮ ਨਿਰਪੱਖਤਾ ਦੇ ਮੁਦੱਈ ਸਨ ਅਤੇ ਗੁਰੂ ਸਾਹਿਬ ਜੀ ਦਾ ਮਹਾਨ ਜੀਵਨ ਅਤੇ ਫਲਸਫਾ ਸਮੁੱਚੀ ਮਨੁੱਖਤਾ ਲਈ ਚਾਨਣ ਮੁਨਾਰਾ ਹੈ। ਮੁੱਖ ਮੰਤਰੀ ਮਾਨ ਨੇ ਇਸ ਸੱਦੇ ਲਈ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਤੇ ਸਿੰਘ ਸਾਹਿਬ ਜਥੇਦਾਰ ਸੰਤ ਬਾਬਾ ਕੁਲਵੰਤ ਸਿੰਘ ਦਾ ਧੰਨਵਾਦ ਕਰਦੇ ਹੋਏ ਕਿਹਾ ਕਿ ਉਹ 350 ਸਾਲਾ ਸ਼ਹੀਦੀ ਸ਼ਤਾਬਦੀ ਮੌਕੇ ਸ੍ਰੀ ਹਜ਼ੂਰ ਸਾਹਿਬ ਵਿਖੇ ਜ਼ਰੂਰ ਨਤਮਸਕ ਹੋਣਗੇ ਤੇ ਇੰਨ੍ਹਾਂ ਸਮਾਗਮਾਂ 'ਚ ਹਾਜ਼ਰੀ ਭਰਨਗੇ।



ਆਵਾਜ਼ਿ ਕੌਮ
AWAZE QAUM
International Newspaper & WEB TV

## ਪੰਜਾਬ ਕੈਬਨਿਟ 'ਚ ਅਹਿਮ ਫ਼ੈਸਲੇ



**ਚੰਡੀਗੜ੍ਹ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਸਰਕਾਰ ਨੇ ਕੈਬਨਿਟ ਮੀਟਿੰਗ ਵਿੱਚ ਕਈ ਫੈਸਲੇ ਲਏ ਗਏ ਹਨ। ਪੂਰੇ ਸੂਬੇ ਵਿੱਚ ਰਾਮ ਦੇ ਜੀਵਨ 'ਤੇ ਆਧਾਰਿਤ ਇੱਕ ਨਾਟਕ ਸ਼ੋਅ "ਹਮਾਰੇ ਰਾਮ" ਸੂਬੇ ਭਰ ਵਿੱਚ 40 ਥਾਵਾਂ 'ਤੇ ਕਰਵਾਏ ਜਾਣਗੇ। ਦੇਸ਼ ਭਰ ਦੇ ਕਈ ਪ੍ਰਸਿੱਧ ਕਲਾਕਾਰ ਇਨ੍ਹਾਂ ਸ਼ੋਅ ਵਿੱਚ ਪ੍ਰਦਰਸ਼ਨ ਕਰਨਗੇ। ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਇੱਕ ਪ੍ਰੈਸ ਕਾਨਫਰੰਸ ਵਿੱਚ ਇਸਦਾ ਐਲਾਨ ਕੀਤਾ। ਸਰਕਾਰ 1,000 ਯੋਗਾ ਅਧਿਆਪਕਾਂ ਦੀ ਭਰਤੀ ਵੀ ਕਰੇਗੀ। ਇਸ ਤੋਂ ਇਲਾਵਾ, ਜਨਤਕ ਖੇਤਰਾਂ ਨੂੰ ਅਲਾਟ ਕੀਤੀ ਗਈ ਜ਼ਮੀਨ ਬਾਰੇ ਫੈਸਲੇ ਹੁਣ ਡਿਪਟੀ ਕਮਿਸ਼ਨਰ ਦੀ ਅਗਵਾਈ ਵਾਲੀ ਕਮੇਟੀ ਦੁਆਰਾ ਲਏ ਜਾਣਗੇ, ਤਾਂ ਜੋ ਪ੍ਰਕਿਰਿਆ ਨੂੰ ਤੇਜ਼ ਕੀਤਾ ਜਾ ਸਕੇ। ਪੰਜਾਬ ਮੈਨੇਜਮੈਂਟ ਐਂਡ ਟ੍ਰਾਂਸਫਰ ਮਿਊਂਸੀਪਲ ਐਕਟ 2020 ਦੀ ਧਾਰਾ 4 ਦੇ ਤਹਿਤ, ਜਦੋਂ ਨਗਰ ਕੌਂਸਲ (ਨਗਰ ਕਮੇਟੀ) ਨਾਲ ਸਬੰਧਤ ਸ਼ਹਿਰੀ ਜ਼ਮੀਨ ਇੱਕ ਵਿਭਾਗ ਤੋਂ ਦੂਜੇ ਵਿਭਾਗ ਜਾਂ ਕਿਸੇ ਹੋਰ ਸੰਸਥਾ ਨੂੰ ਤਬਦੀਲ ਕੀਤੀ ਜਾਂਦੀ ਸੀ, ਤਾਂ ਕਈ ਤਰ੍ਹਾਂ ਦੀਆਂ ਰੁਕਾਵਟਾਂ ਆਉਂਦੀਆਂ ਸਨ। ਹੁਣ, ਇਸ ਸਬੰਧ ਵਿੱਚ ਸਾਰਾ ਅਧਿਕਾਰ ਡਿਪਟੀ ਕਮਿਸ਼ਨਰ ਦੀ ਅਗਵਾਈ ਵਾਲੀ ਕਮੇਟੀ ਨੂੰ ਸੌਂਪ ਦਿੱਤਾ ਗਿਆ ਹੈ। ਇਹ ਕਮੇਟੀ ਫੈਸਲਾ ਕਰੇਗੀ ਕਿ ਕਿਸੇ ਵੀ ਜਨਤਕ ਉਦੇਸ਼ ਲਈ ਜ਼ਮੀਨ ਕਦੋਂ ਦਿੱਤੀ ਜਾਣੀ ਚਾਹੀਦੀ ਹੈ। ਇਹ ਕਮੇਟੀ ਲੀਜ਼, ਵਿਕਰੀ ਜਾਂ ਨਿਲਾਮੀ ਨਾਲ ਸਬੰਧਤ ਨਿਯਮ ਅਤੇ ਸ਼ਰਤਾਂ ਨਿਰਧਾਰਤ ਕਰੇਗੀ। ਪਹਿਲਾਂ, ਇਸ ਪ੍ਰਕਿਰਿਆ ਵਿੱਚ ਮਹੀਨੇ ਲੱਗਦੇ ਸਨ। ਮੰਤਰੀ ਨੇ ਦੱਸਿਆ ਕਿ ਉਨ੍ਹਾਂ ਨੂੰ ਖੁਦ ਪੁਲਿਸ ਵਿਭਾਗ ਨੂੰ ਜ਼ਮੀਨ ਅਲਾਟ ਕਰਨੀ ਪੈਂਦੀ ਸੀ, ਪਰ ਇਸ ਵਿੱਚ ਲਗਭਗ ਅੱਠ ਮਹੀਨੇ ਲੱਗਦੇ ਸਨ।

**ਸਥਾਨਕ ਸੰਸਥਾਵਾਂ ਨੂੰ ਕੱਚੀਆਂ ਸੜਕਾਂ ਦੇ ਬਦਲੇ ਮਿਲਣਗੇ ਪੈਸੇ :** ਸਥਾਨਕ ਸਰਕਾਰਾਂ ਵਿਭਾਗ ਪਹਿਲਾਂ ਸਰਕਾਰੀ ਸੜਕਾਂ ਦੇ ਅਧਿਕਾਰ ਖੇਤਰ ਵਿੱਚ ਹੁੰਦਾ ਸੀ, ਜਿਨ੍ਹਾਂ ਨੂੰ ਆਮ ਤੌਰ 'ਤੇ ਕੱਚੀਆਂ ਸੜਕਾਂ ਜਾਂ ਖਾਲ ਕਿਹਾ ਜਾਂਦਾ ਹੈ। ਇਹ ਸੜਕਾਂ ਬਾਅਦ ਵਿੱਚ ਸ਼ਹਿਰਾਂ ਜਾਂ ਵਿਕਸਤ ਕਲੋਨੀਆਂ ਦਾ ਹਿੱਸਾ ਬਣ ਗਈਆਂ। ਹਾਲਾਂਕਿ, ਇਨ੍ਹਾਂ ਨੇ ਰਾਜ ਲਈ ਕੋਈ ਮਾਲੀਆ ਪੈਦਾ ਨਹੀਂ ਕੀਤਾ। ਹੁਣ ਪ੍ਰਵਾਨਗੀ ਦੇ ਦਿੱਤੀ ਗਈ ਹੈ, ਜਿਸ ਤਹਿਤ ਸਥਾਨਕ ਸਰਕਾਰਾਂ ਵਿਭਾਗ ਨੂੰ ਇਨ੍ਹਾਂ ਸੜਕਾਂ ਤੋਂ ਮਾਲੀਆ ਪ੍ਰਾਪਤ ਹੋਵੇਗਾ। ਇਹ ਪ੍ਰਣਾਲੀ ਪਹਿਲਾਂ ਗਮਾਡਾ ਅਤੇ ਗਲਾਡਾ ਵਿੱਚ ਲਾਗੂ ਕੀਤੀ ਗਈ ਸੀ।



ਘੜੀਐ ਸਬਦੁ ਸਚੀ ਟਕਸਾਲ ॥
ਧੰਨ ਧੰਨ ਸ੍ਰੀ ਗੁਰੂ ਗੋਬਿੰਦ ਸਿੰਘ ਸਾਹਿਬ ਜੀ ਵੱਲੋਂ ਵਰੋਸਾਈ ਹੋਈ ਦਮਦਮੀ ਟਕਸਾਲ ਦੇ
ਪਹਿਲੇ ਮੁਖੀ ਅਮਰ ਸ਼ਹੀਦ ਧੰਨ ਧੰਨ ਬਾਬਾ ਦੀਪ ਸਿੰਘ ਜੀ ਦੇ
ਜਨਮ ਦਿਹਾੜੇ ਨੂੰ ਸਮਰਪਿਤ 3 ਰੋਜ਼ਾ ਗੁਰਮਤਿ ਸਮਾਗਮ
22-23-24 ਜਨਵਰੀ 2026 ਨੂੰ ਸਮੂਹ ਨੌਜਵਾਨ ਸੇਵਾਦਾਰਾਂ ਵੱਲੋਂ
ਗੁਰੂ ਨਾਨਕ ਰੋਡ, ਗੁਰਦੁਆਰਾ ਸਿੰਘ ਸਭਾ ਸਾਊਥਹਾਲ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਕਰਵਾਇਆ ਜਾ ਰਿਹਾ ਹੈ।
ਵਧੇਰੇ ਜਾਣਕਾਰੀ ਲਈ ਸੰਪਰਕ ਕਰੋ 020 8574 4311
Guru Nanak Road, Southall UB2 4NP
ਵਿਸ਼ੇਸ਼ ਨੋਟ
ਸ੍ਰੀ ਅਖੰਡ ਪਾਠ ਸਾਹਿਬ




!! ਪੂਜਾ ਅਕਾਲ ਕੀ !!
!! ਪਰਚਾ ਸ਼ਬਦ ਕਾ !!
!! ਦੀਦਾਰ ਖਾਲਸੇ ਕਾ !!
ਸਮੂੰਹ ਇਲਾਕਾ ਨਿਵਾਸੀਆਂ ਨੂੰ ਇਹ ਜਾਣ ਕੇ ਬੜੀ ਖੁਸ਼ੀ ਹੋਵੇਗੀ ਕਿ ਹਰ ਸਾਲ ਦੀ ਤਰ੍ਹਾਂ
ਸੱਤਵੇਂ ਪਾਤਸ਼ਾਹ ਧੰਨ ਧੰਨ ਸ੍ਰੀ ਗੁਰੂ ਹਰਿ ਰਾਏ ਸਾਹਿਬ ਜੀ ਦੇ ਪ੍ਰਕਾਸ਼ ਪੁਰਬ ਦੀ ਖੁਸ਼ੀ ਵਿੱਚ ਅਤੇ
ਸੱਚਖੰਡ ਵਾਸੀ ਸੰਤ ਬਾਬਾ ਲਾਭ ਸਿੰਘ ਜੀ ਅਤੇ ਸੰਤ ਬਾਬਾ ਹਰੀ ਸਿੰਘ ਜੀ
ਦੇਸੂਯੋਧਾ ਵਾਲਿਆਂ ਦੀ ਮਿੱਠੀ ਯਾਦ ਨੂੰ ਸਮਰਪਿਤ
20ਵਾਂ ਸਾਲਾਨਾ ਧਾਰਮਿਕ ਸਮਾਗਮ
ਮਿਤੀ 29-30-31 ਜਨਵਰੀ 2026
ਦਿਨ ਵੀਰਵਾਰ, ਸ਼ੁੱਕਰਵਾਰ ਅਤੇ ਸ਼ਨੀਵਾਰ
ਸਮਾਂ : ਸਵੇਰੇ 11 ਵਜੇ ਤੋਂ 2 ਵਜੇ ਤੱਕ
ਸਥਾਨ : ਪਿੰਡ ਜੋਗੇਵਾਲਾ
ਕੋਠੇ ਹਰਿ ਰਾਏ ਸਾਹਿਬ ਜੀ ਨੇੜੇ ਡੱਬਵਾਲੀ ਮੰਡੀ ਸਿਰਸਾ ਵਿਖੇ
ਮਿਤੀ 31 ਜਨਵਰੀ, 3 ਵਜੇ ਅੰਮ੍ਰਿਤ ਸੰਚਾਰ ਵੀ ਹੋਵੇਗਾ
ਅੰਬੈਸਡਰ ਫਾਰ ਪੀਸ
ਜਥੇਦਾਰ ਬਲਜੀਤ ਸਿੰਘ ਦਾਦੂਵਾਲ ਜੀ
ਸੰਤ ਬਾਬਾ ਬੂਟਾ ਸਿੰਘ ਗੁਰਥੜੀ ਵਾਲੇ,
ਭਾਈ ਗੁਰਸੇਵਕ ਸਿੰਘ ਰੰਗੀਲਾ ਹਜ਼ੂਰੀ ਜੱਥਾ ਗੁਰਦੁਆਰਾ ਦਾਦੂ ਸਾਹਿਬ, ਬਾਬਾ ਜਸਵਿੰਦਰ ਸਿੰਘ ਤਿਉਣਾ ਵਾਲੇ
ਗੁਰਬਾਣੀ ਕਥਾ ਕੀਰਤਨ ਦੁਆਰਾ ਸਿੱਖ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਨਗੇ।
ਸਰਬੱਤ ਸੰਗਤਾਂ ਸਮੇਂ ਸਿਰ ਹਾਜ਼ਰੀ ਭਰ ਕੇ ਗੁਰਬਾਣੀ ਕਥਾ ਕੀਰਤਨ ਦਾ ਲਾਹਾ ਪ੍ਰਾਪਤ ਕਰੋ ਜੀ।
ਬੇਨਤੀ ਕਰਤਾ -
ਸਮੂੰਹ ਸਾਧ ਸੰਗਤ, ਪਿੰਡ ਜੋਗੇਵਾਲਾ, ਨੇੜੇ ਡੱਬਵਾਲੀ, ਸਿਰਸਾ
86840-10671, 94167-69745, 95887-20116
94679-08015, 87088-48139

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ

ਜਨਮ
ਪਿੰਡ ਰੋਡੇ
2.6.1947
Birth
Pind Rode

ਸ਼ਹੀਦੀ
ਸ੍ਰੀ ਦਰਬਾਰ ਸਾਹਿਬ
ਅੰਮ੍ਰਿਤਸਰ
6.6.1984
Shaheedi
Sri Darbar Sahib
Amritsar



www.damdamitaksal.net

Physical death i do not fear
death of conscience is a sure death

Sant Jarnail Singh Ji Khalsa Bhindranwale
www.damdamitaksal.net

ਸ਼ਹੀਦੀ ਸਬਦ ਸਚੀ ਟਕਸਾਲ ॥ ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ
ਕਿਰਤ ਕਰੋ
ਵੰਡ ਛਕੋ

Naam Japo
Kirat Karo
Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi

ਗਤਕਾ ਸਿੱਖੋ Learn Gatka
www.damdamitaksal.net

ਆਵਾਜ਼ਿ ਕੌਮ
Daily Newspaper from U.K.
Publisher/Chief Editor
Raghbir Singh Walsal
E-mail : awazeqaumtv@gmail.com
www.awazeqaumtv.com
for AWAZE QAUM Channel
https://youtu.be/LQwolgxDu7I
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਸੰਤ ਗਿਆਨੀ ਗੁਰਬਚਨ ਸਿੰਘ ਜੀ

# ਖਾਲ਼ਸਾ ਮੈਮੋਰੀਅਲ ਹਸਪਤਾਲ



## ਇੱਥੇ ਹਰ ਸ਼ਨੀਵਾਰ ਅੱਖਾਂ ਦੇ ਫ੍ਰੀ ਆਪ੍ਰੇਸ਼ਨ ਕੀਤੇ ਜਾਂਦੇ ਹਨ।

+91 98767-50784 +91 98767-50784

ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਭਿੰਡਰਾਂਵਾਲੇ
ਮੁਖੀ ਦਮਦਮੀ ਟਕਸਾਲ, ਪ੍ਰਧਾਨ ਸੰਤ ਸਮਾਜ

ਮਹਿਤਾ ਚੌਕ, ਅੰਮ੍ਰਿਤਸਰ


ਸਾਂਝਾ ਪੰਜਾਬ
VEG & NON-VEG INDIAN
WE CATER FOR
★★★★★
Birthday
Weddings
Parties
All Other Occasions
Ram Mandir
Sanjay Foods
Mirch Masala
HSBC
Ladlee Direct
Night Pharmacy
Chai Paani
Ross Walk Launderette
Shiva Shakti Foods
Roopkala Beauty Salon
Heena Tailor
Hyderabad Wala - Leicester
Cossington Recreation ground
Belgrave Neighbourhood Centre
Belgrave Health Centre
Health Centre Car Park
Milans
Brandon Street Surgery
Shiv Sagar Veg
Punjabi Tarka
Shivalaya The Leicestershire Brahma...
0784 102 9416
SANJHA PUNJAB
VEG & NON-VEG INDIAN
TAKE AWAY MENU
0116 291 1565
075 9999 5787
47 BELGRAVE ROAD
LEICESTER LE4 6AR
visit us : www.sanjhapunjab.co.uk
email: sanjha47@hotmail.com
SANJHA PUNJAB
VEG & NON-VEG INDIAN
0116 291 1565
visit us : www.sanjhapunjab.co.uk
email: sanjha47@hotmail.com
ALLERGY ADVICE !!
Please ask a member of staff if you have any food intolerance or allergies.
ਆਵਾਜ਼ਿ ਕੌਮ
AWAZE QAUM
International Newspaper & WEB TV




# SAROA DENTAL CLINIC & IMPLANT CENTRE

**A Multispeciality Dental Clinic...**

- DENTAL CHECKUP
- CLEANING
- ROOT CANALS
- PREVENTIVE CARE

**LATEST FACILITIES AVAILABLE :**

Dental Implants
Dental Laset
Tooth Coloured Braces
Digital IOPA x-ray
Digital OPG x-ray

**DR. KAMALJIT SAROA**
B.D.S., Dental Surgeon
Moti Nagar, Near Railway
Crossing, Maqsudan
Jalandhar-144 008

**Contact :**
**98150-83338**
**70879-59639**



ਮੈਂ ਖ਼ੁਦ ਆਪਣਾ ਇਲਾਜ ਆਪਣੀ ਇੰਡੀਆ ਵਿਜਿਟ ਦੌਰਾਨ ਇੱਥੋਂ ਕਰਵਾਇਆ ਹੈ ਅਤੇ ਮੈਂ ਸਮੂਹ ਐਨ. ਆਰ. ਆਈਜ਼ ਅਤੇ ਲੋਕਲ ਵਸਨੀਕਾਂ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਸਰੋਆ ਡੈਂਟਲ ਕਲੀਨਿਕ ਅਤੇ ਇੰਪਲਾਂਟ ਸੈਂਟਰ ਵੱਲੋਂ ਬਹੁਤ ਹੀ ਵਧੀਆ ਅਤੇ ਵਾਜਬ ਸੇਵਾਵਾਂ ਪ੍ਰਦਾਨ ਕੀਤੀਆਂ ਹਨ ਅਤੇ ਇਸੇ ਕਾਰਨ ਮੈਂ ਅਪੀਲ ਕਰਦਾ ਹਾਂ ਕਿ ਜੇਕਰ ਕਿਸੇ ਨੂੰ ਵੀ, ਕਿਸੇ ਵੀ ਤਰ੍ਹਾਂ ਦੀ ਦੰਦਾਂ ਨਾਲ ਸੰਬੰਧਤ ਕੋਈ ਤਕਲੀਫ਼ ਹੈ ਤਾਂ ਇੱਕ ਵਾਰ ਇੱਥੇ ਜ਼ਰੂਰ ਵਿਜ਼ਿਟ ਕਰੋ।

-ਰਘਵੀਰ ਸਿੰਘ ਵਾਲਸਾਲ, ਮੁੱਖ ਸੰਪਾਦਕ 'ਆਵਾਜ਼ਿ ਕੌਮ, ਯੂ. ਕੇ.'





## ਨੌਜਵਾਨਾਂ ਨੂੰ ਆਧੁਨਿਕ ਕਿੱਤਾ ਮੁਖੀ ਕੋਰਸ ਕਰਵਾ ਕੇ ਬਣਾਇਆ ਜਾਵੇਗਾ ਸਮੇਂ ਦਾ ਹਾਣੀ : ਗੁਰਮੀਤ ਸਿੰਘ ਮੀਤ ਹੇਅਰ

# ਨਵੇਂ ਕੋਰਸ ਸ਼ੁਰੂ ਹੋਣ ਨਾਲ 450 ਨੌਜਵਾਨਾਂ ਨੂੰ ਸਿਖਲਾਈ ਸਹੂਲਤਾਂ ਪ੍ਰਦਾਨ ਕਰੇਗੀ ਆਈ.ਟੀ.ਆਈ : ਸੁਖਵੀਰ ਸਿੰਘ

**ਸੰਗਾਲਾ/ਧੂਰੀ ( ਰਣਜੀਤ ਸਿੰਘ ਪੇਧਨੀ )**-ਸੰਗਰੂਰ ਤੋਂ ਲੋਕ ਸਭਾ ਮੈਂਬਰ ਸ. ਗੁਰਮੀਤ ਸਿੰਘ ਮੀਤ ਹੇਅਰ ਅਤੇ ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸ. ਸੁਖਵੀਰ ਸਿੰਘ ਵੱਲੋਂ ਧੂਰੀ ਹਲਕੇ ਦੇ ਪਿੰਡ ਬਰੜਵਾਲ ਵਿਖੇ 12.27 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀ ਸਰਕਾਰੀ ਉਦਯੋਗਿਕ ਸਿਖਲਾਈ ਸੰਸਥਾ (ਆਈ.ਟੀ.ਆਈ) ਦੀ ਨਵੀਂ ਇਮਾਰਤ ਦੇ ਉਸਾਰੀ ਕੰਮ ਦੀ ਸ਼ੁਰੂਆਤ ਕਰਵਾਈ ਗਈ। ਇਸ ਮੌਕੇ ਉਨ੍ਹਾਂ 3 ਕਰੋੜ ਰੁਪਏ ਦੀ ਲਾਗਤ ਨਾਲ ਆਈ.ਟੀ.ਆਈ ਦੀ ਚੱਲ ਰਹੀ ਮੁਰੰਮਤ ਦੇ ਕੰਮ ਦਾ ਵੀ ਜਾਇਜ਼ਾ ਲਿਆ। ਸਮਾਗਮ 'ਚ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ,

ਆਵਾਜ਼ਿ ਕੌਮ AWAZE QAUM International Newspaper & WEB TV

ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਪੰਜਾਬ ਗਊ ਸੇਵਾ ਕਮਿਸ਼ਨ ਅਸ਼ੋਕ ਕੁਮਾਰ ਲੱਖਾ, ਮੈਂਬਰ ਫੂਡ ਕਮਿਸ਼ਨ ਜਸਵੀਰ ਸਿੰਘ ਜੱਸੀ ਸੇਖੋਂ, ਮੈਂਬਰ ਪੰਜਾਬ ਵਕਫ਼ ਬੋਰਡ ਡਾ. ਅਨਵਰ ਖ਼ਾਨ, ਡਾਇਰੈਕਟਰ ਅਨਿਲ ਮਿੱਤਲ, ਡਾਇਰੈਕਟਰ ਸ਼ੂਗਰ ਫੈਡ ਜਸਪਾਲ ਸਿੰਘ ਭੁੱਲਰ, ਸਤਿੰਦਰ ਸਿੰਘ ਚੱਠਾ ਵੀ ਮੌਜੂਦ ਸਨ।

ਇਸ ਮੌਕੇ ਐਮ.ਪੀ. ਗੁਰਮੀਤ ਸਿੰਘ ਮੀਤ ਹੇਅਰ ਨੇ ਕਿਹਾ ਕਿ ਪੰਜਾਬ ਸਰਕਾਰ ਨੌਜਵਾਨਾਂ ਨੂੰ ਸਵੈ ਰੁਜ਼ਗਾਰ ਦੇ ਯੋਗ ਬਣਾਉਣ ਲਈ ਹੁਨਰਮੰਦ ਸਿੱਖਿਆ ਨੂੰ ਤਰਜੀਹ ਦੇ ਰਹੀ ਹੈ। ਉਨ੍ਹਾਂ ਦੱਸਿਆ ਕਿ ਪਿੰਡ ਬਰੜਵਾਲ (ਧੂਰੀ) ਵਿਖੇ ਸਰਕਾਰੀ ਆਈ.ਟੀ.ਆਈ ਦੀ ਨਵੀਂ ਬਿਲਡਿੰਗ ਦੀ ਉਸਾਰੀ 'ਤੇ ਕੁੱਲ 12.27 ਕਰੋੜ ਰੁਪਏ ਖ਼ਰਚ ਕੀਤੇ ਜਾਣਗੇ। ਨਵੀਂ ਤਿੰਨ ਮੰਜ਼ਿਲਾਂ ਇਮਾਰਤ ਦਾ ਕੁੱਲ ਕਵਰਡ ਏਰੀਆ 35,408 ਵਰਗ ਫੁੱਟ ਹੋਵੇਗਾ।

ਉਹਨਾਂ ਦੱਸਿਆ ਕਿ ਪ੍ਰੋਜੈਕਟ ਅਧੀਨ ਇਮਾਰਤ ਦੀ ਉਸਾਰੀ ਦੇ ਨਾਲ-ਨਾਲ ਚਾਰਦੀਵਾਰੀ, ਪਾਰਕਿੰਗ ਖੇਤਰ, ਅੰਦਰੂਨੀ ਸੜਕਾਂ ਦਾ ਵਿਕਾਸ ਅਤੇ ਸੁੰਦਰ ਲੈਂਡ ਸਕੇਪਿੰਗ ਵੀ ਕੀਤੀ ਜਾਵੇਗੀ। ਉਨ੍ਹਾਂ ਕਿਹਾ ਕਿ ਇਹ ਆਧੁਨਿਕ ਆਈ.ਟੀ.ਆਈ. ਨੌਜਵਾਨਾਂ ਨੂੰ ਨਵੀਂਆਂ ਅਤੇ ਉੱਭਰ ਰਹੀਆਂ ਤਕਨੀਕਾਂ ਨਾਲ ਜੋੜੇਗੀ, ਜਿਨ੍ਹਾਂ ਦੀ ਬਾਜ਼ਾਰ ਵਿੱਚ ਵੱਡੀ ਮੰਗ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਨੇ ਸਕੂਲਾਂ ਦੇ ਬੁਨਿਆਦੀ ਢਾਂਚੇ ਦਾ ਵਿਕਾਸ 'ਤੇ ਵੀ ਸੈਂਕੜੇ ਕਰੋੜ ਰੁਪਏ ਖ਼ਰਚ ਕੀਤੇ ਹਨ ਤਾਂ ਜੋ ਪੰਜਾਬ ਦੇ ਵਿਦਿਆਰਥੀਆਂ ਨੂੰ ਸਿੱਖਿਆ ਲਈ ਬਿਹਤਰ ਮਾਹੌਲ ਮਿਲ ਸਕੇ। ਮੁੱਖ ਮੰਤਰੀ ਪੰਜਾਬ ਸ.



ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸ. ਸੁਖਵੀਰ ਸਿੰਘ ਨੇ ਹਲਕਾ ਧੂਰੀ ਵਾਸੀਆਂ ਨੂੰ ਵਧਾਈ ਦਿੰਦੇ ਆ ਕਿਹਾ ਕਿ ਇਸ ਸਰਕਾਰੀ ਆਈ.ਟੀ.ਆਈ. ਵਿੱਚ ਇਲੈਕਟ੍ਰੀਸ਼ੀਅਨ ਅਤੇ ਫਿਟਰ (ਦੋ ਸਾਲਾ ਕੋਰਸ), ਰੈਫਰੀਜਰੇਸ਼ਨ ਐਂਡ ਏਅਰ ਕੰਡੀਸ਼ਿਨੰਗ ਟੈਕਨੀਸ਼ੀਅਨ, ਮਕੈਨਿਕ ਇਲੈਕਟ੍ਰਿਕ ਵਹੀਕਲ ਅਤੇ ਮਸ਼ੀਨਿਸਟ (ਦੋ ਸਾਲਾ ਕੋਰਸ) ਸਮੇਤ ਪਲੰਬਰ, ਡਰਾਫਟਸਮੈਨ ਸਿਵਲ, ਮਲਟੀਮੀਡੀਆ ਐਨੀਮੇਸ਼ਨ ਐਂਡ ਸਪੈਸ਼ਲ ਇਫੈਕਟਸ, ਕਾਸਮੈਟੋਲੋਜੀ, ਕੰਪਿਊਟਰ ਆਪਰੇਟਰ ਐਂਡ ਪ੍ਰੋਗਰਾਮਿੰਗ ਅਸਿਸਟੈਂਟ, ਸੀਵਿੰਗ ਟੈਕਨੌਲੋਜੀ ਅਤੇ ਸਰਫੇਸ ਓਰਨਾਮੈਂਟੇਸ਼ਨ ਟੈੱਕਨੀਕ (ਕਢਾਈ) ਵਰਗੇ ਇੱਕ ਸਾਲਾ ਕੋਰਸ ਸ਼ੁਰੂ ਕੀਤੇ ਜਾਣਗੇ ਜੋ ਨੌਜਵਾਨਾਂ ਨੂੰ ਸਵੈ ਰੁਜ਼ਗਾਰ ਦੇ ਮੌਕੇ ਪ੍ਰਦਾਨ ਕਰਨਗੇ। ਉਨ੍ਹਾਂ ਨੇ ਕਿਹਾ ਕਿ ਇਹ ਸੰਸਥਾ ਰਾਜ ਭਰ ਦੀਆਂ ਆਈਟੀਆਈਆਂ ਵਿੱਚ ਸ਼ੁਰੂ ਕੀਤੇ ਜਾਣ ਵਾਲੇ ਨਵੇਂ ਕੋਰਸਾਂ ਤਹਿਤ ਲਗਭਗ 450 ਨੌਜਵਾਨਾਂ ਨੂੰ ਸਿਖਲਾਈ ਸਹੂਲਤਾਂ ਪ੍ਰਦਾਨ ਕਰੇਗੀ। ਨਵੀਂ ਇਮਾਰਤ ਬਣਨ ਨਾਲ ਪੰਜਾਬ ਦੇ ਨੌਜਵਾਨਾਂ ਨੂੰ ਉਦਯੋਗਿਕ ਲੋੜਾਂ ਅਨੁਸਾਰ ਹੁਨਰ ਪ੍ਰਦਾਨ ਕਰਕੇ ਸਵੈ-ਰੁਜ਼ਗਾਰ ਅਤੇ ਉੱਦਮੀ ਬਣਨ ਲਈ ਪ੍ਰੇਰਿਤ ਕੀਤਾ ਜਾਵੇਗਾ। ਉਨ੍ਹਾਂ ਹੋਰ ਦੱਸਿਆ ਕਿ ਉਸਾਰੀ ਕੰਮ ਦੇ ਮੁਕੰਮਲ ਹੋਣ ਉਪਰੰਤ ਡਾਇਰੈਕਟੋਰੇਟ ਜਨਰਲ ਆਫ਼ ਟ੍ਰੇਨਿੰਗ ਵੱਲੋਂ ਨਿਰਧਾਰਤ ਨਿਯਮਾਂ ਅਨੁਸਾਰ ਅਧਿਆਪਕਾਂ ਅਤੇ ਪ੍ਰਸ਼ਾਸਕੀ ਸਟਾਫ਼ ਲਈ ਜ਼ਰੂਰੀ ਅਸਾਮੀਆਂ ਭਰੀਆਂ ਜਾਣਗੀਆਂ। ਇਹ ਆਈ.ਟੀ.ਆਈ. ਆਲ਼ੇ-ਦੁਆਲੇ ਦੇ ਖੇਤਰ ਲਈ ਇੱਕ ਮਹੱਤਵਪੂਰਨ ਹੁਨਰ ਵਿਕਾਸ ਕੇਂਦਰ ਵਜੋਂ ਕੰਮ ਕਰੇਗੀ, ਜੋ ਸਥਾਨਕ ਰੁਜ਼ਗਾਰ ਦੇ ਮੌਕੇ ਪੈਦਾ ਕਰਨ ਦੇ ਨਾਲ-ਨਾਲ ਖੇਤਰ ਦੇ ਆਰਥਿਕ ਵਿਕਾਸ ਵਿੱਚ ਵੀ ਅਹਿਮ ਭੂਮਿਕਾ ਨਿਭਾਏਗੀ। ਉਨ੍ਹਾਂ ਨੇ ਵਿਸ਼ਵਾਸ ਜਤਾਇਆ ਕਿ ਇਸ ਸੰਸਥਾ ਦੀ ਸਥਾਪਨਾ ਨਾਲ ਖੇਤਰ ਦੇ ਨੌਜਵਾਨ ਹੁਨਰਮੰਦ, ਰੁਜ਼ਗਾਰ ਅਤੇ ਸਵੈ-ਨਿਰਭਰ ਬਣਨਗੇ ਅਤੇ ਇੱਕ ਖ਼ੁਸ਼ਹਾਲ ਤੇ ਪ੍ਰਗਤੀਸ਼ੀਲ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਆਪਣਾ ਯੋਗਦਾਨ ਪਾਉਣਗੇ। ਇਸ ਮੌਕੇ ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਅਤੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ ਨੇ ਦੱਸਿਆ ਕਿ ਧੂਰੀ ਵਿੱਚ ਪਹਿਲਾ ਸਰਕਾਰੀ ਆਈ.ਟੀ.ਆਈ. ਦੋ ਕਮਰਿਆਂ ਵਿੱਚ ਚੱਲ ਰਹੀ ਸੀ, ਜਿਸ ਨੂੰ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਨੇ ਵੱਡੀ ਇਮਾਰਤ ਵਿੱਚ ਤਬਦੀਲ ਕਰਵਾਇਆ ਅਤੇ ਪਹਿਲਾਂ ਇਹ ਇਮਾਰਤ ਦੀ ਮੁਰੰਮਤ ਲਈ ਤਿੰਨ ਕਰੋੜ ਰੁਪਏ ਜਾਰੀ ਕੀਤੇ ਜਿਸ ਨਾਲ ਇਹ ਇਮਾਰਤ ਦੀ ਮੁਰੰਮਤ ਦਾ ਕੰਮ ਚੱਲ ਰਿਹਾ ਹੈ ਅਤੇ ਹੁਣ 12.27 ਕਰੋੜ ਰੁਪਏ ਨਾਲ ਨਵੀਂ ਇਮਾਰਤ ਬਣਾਉਣ ਦਾ ਕੰਮ ਸ਼ੁਰੂ ਕਰ ਦਿੱਤਾ ਗਿਆ ਹੈ ਕਰੀਬ 15 ਕਰੋੜ ਰੁਪਏ ਨਾਲ ਇਹ ਆਈਟੀ ਆਈ ਧੂਰੀ ਅਤੇ ਨਾਲ ਲੱਗਦੇ ਵੱਡੇ ਖੇਤਰ ਤੇ ਬੱਚਿਆਂ ਵਿੱਚ ਹੁਨਰ ਦਾ ਵਿਕਾਸ ਕਰਵਾਏਗੀ। ਇਸ ਮੌਕੇ ਐਸ.ਡੀ.ਐਮ ਰਿਸ਼ਭ ਬਾਂਸਲ, ਏ.ਆਰ ਸ਼ਰਮਾ, ਬਲਵੰਤ ਸਿੰਘ, ਸੋਨੀ ਮੰਡੇਰ, ਰਮਨਦੀਪ ਸਿੰਘ, ਰਛਪਾਲ ਸਿੰਘ ਭੁਲਰਹੇੜੀ, ਹਰਜਿੰਦਰ ਸਿੰਘ ਕਾਂਝਲਾ, ਅੰਮ੍ਰਿਤਪਾਲ ਸਿੰਘ ਘਨੌਰੀ ਕਲਾਂ, ਭੁਪਿੰਦਰ ਸਿੰਘ, ਸ਼ਾਮ ਸਿੰਗਲਾ, ਬਲਜੀਤ ਕੌਰ, ਅਮਰੀਕ ਸਿੰਘ, ਅਮਰਦੀਪ ਸਿੰਘ ਧਾਂਦਰਾ, ਲਾਭ ਸਿੰਘ, ਪਰਮਿੰਦਰ ਸਿੰਘ ਪੂਨੂੰ, , ਸੁਖਪਾਲ ਸਿੰਘ ਪਾਲਾ, ਅਜੈਬ ਸਿੰਘ, ਮਿਲਖ ਰਾਜ, ਵੀਰਭਾਨ, ਨਰੇਸ਼ ਸਿੰਗਲਾ ਸਮੇਤ ਵੱਡੀ ਗਿਣਤੀ ਵਿਦਿਆਰਥੀ ਅਤੇ ਇਲਾਕਾ ਨਿਵਾਸੀ ਮੌਜੂਦ ਸਨ।

**ਆਈ.ਟੀ.ਆਈ. ਆਲ਼ੇ-ਦੁਆਲੇ ਦੇ ਖੇਤਰ ਲਈ ਹੁਨਰ ਵਿਕਾਸ ਕੇਂਦਰ ਵਜੋਂ ਕੰਮ ਕਰੇਗੀ ਤੇ ਖੇਤਰ ਦੇ ਆਰਥਿਕ ਵਿਕਾਸ ਵਿੱਚ ਵੀ ਅਹਿਮ ਭੂਮਿਕਾ ਨਿਭਾਏਗੀ**


ੴ ਕਲਿਜੁਗ ਮਹਿ ਕੀਰਤਨੁ ਪਰਧਾਨਾ
ਗੁਰਮੁਖਿ ਜਪੀਐ ਲਾਇ ਧਿਆਨਾ ॥
PLAY WAYS SENIOR SECONDARY SCHOOL
PATIALA
KNOWLEDGE IS LIGHT
Estd.1975
PLAY WAYS SR. SEC. SCHOOL
where winning is a habit
Cordially invites you to join the
Kirtan Darbar
on 51st Founders Day of the school
Thursday, 22nd January 2026
Kirtan By
Bhai Sarabjit Singh Ji Patna Sahib wale
11:00 am to 12:00 noon | Followed by Guru Ka Langar
Singh Sahib Giani Gurdyal Singh ji
Additional Head Granthi Takhat Sri Harimandir ji, Sri Patna Sahib
Singh Sahib Giani Baldev Singh Ji
Jathedar & Head Granthi Takhat Sri Harimandir ji, Sri Patna Sahib
Singh Sahib Giani Raghbir Singh Ji
Head Granthi Sri Darbar Sahib Amirtsar
Jathedar Baljit Singh Daduwal
Ambassador of Peace
Chairman, Dharam Prachar, HSGMC
Giani Gagandeep Singh ji
Hazuri Kathavachak Takhat Sri Harimandir ji, Sri Patna Sahib
S. Ajitpal Singh Kohli (MLA, Patiala)
President Alumni & Trustee, PWSSS
Dr. Rajdeep Singh
Chairman
Late Sdn. Tejinder Kaur
(22 January 1939 to 01 November 2020)
Foundress
Sdn. Harleen Kaur
Director
Sardarni Tejinder Kaur Marg, Patiala, Punjab, INDIA
FOR REGULAR UPDATES FOLLOW US ON /playwaysschool
ਆਵਾਜ਼ਿ ਕੌਮ
AWAZE QAUM
International Newspaper & WEB TV


ਰੋਜ਼ਾਨਾ ਸਵਾ ਲੱਖ
ਮੂਲ ਮੰਤਰ ਜਾਪ
ਨਾਮ ਰਸੀਏ ਅਸੀਸਾਂ ਬਖ਼ਸ਼ਣ
ਨਾਮ ਅਭਿਆਸੀ ਹਾਜ਼ਰੀਆਂ ਭਰਨ
ਰੋਜ਼ਾਨਾ 125 ਪਾਠ
ਸੁਖਮਨੀ ਸਾਹਿਬ
ਗੁਰ ਭਗਤੀ ਸ਼ਬਦ ਜਾਪ
ਧੰਨ ਬਾਬਾ ਨੰਦ ਸਿੰਘ ਜੀ ਧੰਨ ਬਾਬਾ ਈਸ਼ਰ ਸਿੰਘ ਜੀ ਨਾਨਕਸਰ ਕਲੇਰਾਂ
ਵਾਲਿਆਂ ਦੀ ਯਾਦ ਵਿੱਚ ਅਭਿਆਸੀ ਗੁਰਸਿੱਖਾਂ ਨੂੰ ਸਮਰਪਿਤ
1 ਜਨਵਰੀ ਤੋਂ 5 ਫਰਵਰੀ ਪੋਹ ਮਾਘ 2026
ਨਾਨਕਸਰ ਕੁਟੀਆ ਪਟਿਆਲਾ ਵਿਖੇ
36 ਦਿਨ ਸ਼ਾਮ 7:00 ਤੋਂ 9:00 ਕੀਰਤਨ-ਕਥਾ
36 ਦਿਨ, 36 ਬਾਣੀਆਂ, 36 ਵਿਦਵਾਨ
31 ਜਨਵਰੀ 2026
ਵਿਸ਼ਾ: ਸਵਯੇ ਸ੍ਰੀ ਮੁਖਬਾਕ੍ ਮਹਲਾ ੫
ਰਾਗੀ ਸੰਤੋਖ ਸਿੰਘ
ਜਥੇਦਾਰ ਬਾਬਾ ਬਲਜੀਤ ਸਿੰਘ ਦਾਦੂਵਾਲ
ਆਵਾਜ਼ਿ ਕੌਮ AWAZE QAUM International Newspaper & WEB TV
ਅਰਜ਼ੋਈ ਕਰਤਾ:
ਬਾਬਾ ਹਰਚਰਨ ਸਿੰਘ,
ਨਾਨਕਸਰ ਕੁਟੀਆ ਬਿਹੰਗਮ,ਸਤਿਸੰਗੀ,
ਤ੍ਰਿਪੜੀ,ਪਟਿਆਲਾ,ਪੰਜਾਬ
9815133113




ਸਿੱਖ ਪੰਥ ਦੇ ਨਿਧੜਕ ਆਗੂ ਬਾਬਾ ਖੜਕ ਸਿੰਘ ਜੀ ਵੱਲੋਂ ਸ੍ਰੀ ਦਰਬਾਰ ਸਾਹਿਬ, ਸ੍ਰੀ ਅੰਮ੍ਰਿਤਸਰ ਦਾ ਪ੍ਰਬੰਧ ਪੰਥਕ ਹੱਥਾਂ ਵਿੱਚ ਲੈਣ ਤੋਂ ਬਾਅਦ ਗੁਰਦੁਆਰਾ ਸਾਹਿਬ ਦੀਆਂ ਚਾਬੀਆਂ ਲੈਣ ਲਈ ਸੰਘਰਸ਼ ਕੀਤਾ ਗਿਆ। ਇਸ ਨੂੰ ਚਾਬੀਆਂ ਦਾ ਮੋਰਚਾ ਕਿਹਾ ਜਾਂਦਾ ਹੈ।ਸੰਘਰਸ਼ ਤੋਂ ਬਾਅਦ ਬਾਬਾ ਖੜਕ ਸਿੰਘ ਨੇ ਅੰਗਰੇਜ ਸਰਕਾਰ ਤੋਂ ਦਰਬਾਰ ਸਾਹਿਬ ਦੀਆਂ ਚਾਬੀਆਂ ਪ੍ਰਾਪਤ ਕੀਤੀਆ।




### ਪੰਥਕ ਕਾਨਫਰੰਸ ਮਾਘੀ ਮੌਕੇ ਬੀ ਜੇ ਪੀ ਨੂੰ ਵੱਡਾ ਝਟਕਾ

# ਡਾ. ਅਵਤਾਰ ਸਿੰਘ ਗਿੱਲ ਵੀ ਹੋਏ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ

## ਪੰਥ ਅਤੇ ਪੰਜਾਬ ਦੇ ਹਿੱਤਾਂ ਲਈ ਸੋਚਣ ਵਾਲੇ ਹਰੇਕ ਵਿਅਕਤੀ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਦਰਵਾਜੇ ਖੁੱਲੇ : ਬਾਪੂ ਤਰਸੇਮ ਸਿੰਘ

**ਫਿਰੋਜ਼ਪੁਰ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਬੀਤੇ ਦਿਨ ਮਾਘੀ ਦੇ ਪਾਵਨ ਦਿਹਾੜੇ ਮੌਕੇ ਅਕਾਲੀ ਦਲ ਵਾਰਿਸ ਪੰਜਾਬ ਦੇ ਵੱਲੋਂ ਕਰਵਾਈ ਗਈ ਵਿਸ਼ਾਲ ਪੰਥਕ ਕਾਨਫਰੰਸ ਦੌਰਾਨ ਭਾਰਤੀ ਜਨਤਾ ਪਾਰਟੀ ਨੂੰ ਉਸ ਵੇਲੇ ਵੱਡਾ ਸਿਆਸੀ ਝਟਕਾ ਲੱਗਿਆ ਜਦੋਂ ਬੀ ਜੇ ਪੀ ਜ਼ਿਲ੍ਹਾ ਫਿਰੋਜ਼ਪੁਰ ਦਿਹਾਤੀ ਦੇ ਜਰਨਲ ਸਕੱਤਰ ਡਾਕਟਰ ਅਵਤਾਰ ਸਿੰਘ ਗਿੱਲ ਆਪਣੇ ਸਾਥੀਆਂ ਸਮੇਤ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਹੋ ਗਏ। ਇਹ ਸ਼ਾਮੂਲੀਅਤ ਮੈਂਬਰ ਪਾਰਲੀਮੈਂਟ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਸਤਿਕਾਰਯੋਗ ਪਿਤਾ ਬਾਪੂ ਤਰਸੇਮ ਸਿੰਘ ਜੀ ਅਤੇ ਖਡੂਰ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਭਾਈ ਸਰਬਜੀਤ ਸਿੰਘ ਖ਼ਾਲਸਾ ਜੀ ਦੀ ਮੌਜੂਦਗੀ ਵਿੱਚ ਅਤੇ ਭਾਈ ਕਰਨਵੀਰ ਸਿੰਘ ਫਿਰੋਜ਼ਪੁਰ ਦੇ ਲਗਾਤਾਰ ਯਤਨਾਂ ਸਦਕਾ ਸੰਪੰਨ ਹੋਈ। ਇਸ ਮੌਕੇ ਪਾਰਟੀ ਆਗੂਆਂ ਅਤੇ ਵਰਕਰਾਂ ਵੱਲੋਂ ਡਾ. ਅਵਤਾਰ ਸਿੰਘ ਗਿੱਲ ਦਾ ਖੁੱਲ੍ਹੇ ਦਿਲ ਨਾਲ ਸਵਾਗਤ ਕੀਤਾ ਗਿਆ। ਪਾਰਟੀ ਦੇ ਸੀਨੀਅਰ ਆਗੂਆਂ ਨੇ ਕਿਹਾ ਕਿ ਡਾ. ਗਿੱਲ ਦਾ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਜੁੜਨਾ ਇਸ ਗੱਲ ਦਾ ਸਪੱਸ਼ਟ ਸੰਕੇਤ ਹੈ ਕਿ ਪੰਜਾਬ ਦੀ ਜ਼ਮੀਨ 'ਤੇ ਪੰਥਕ ਸੋਚ ਅਤੇ ਸੱਚੀ ਰਾਜਨੀਤੀ ਨੂੰ ਲੋਕਾਂ ਦਾ ਸਮਰਥਨ ਮਿਲ ਰਿਹਾ ਹੈ, ਜਦਕਿ ਲੋਕ ਵਿਰੋਧੀ ਨੀਤੀਆਂ ਵਾਲੀਆਂ ਪਾਰਟੀਆਂ ਤੋਂ ਲੋਕਾਂ ਦਾ ਵਿਸ਼ਵਾਸ ਲਗਾਤਾਰ ਘੱਟ ਰਿਹਾ ਹੈ। ਕਾਨਫਰੰਸ ਦੌਰਾਨ ਬੋਲਦਿਆਂ ਆਗੂਆਂ ਨੇ ਕਿਹਾ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਪੰਥਕ ਸਿਧਾਂਤਾਂ, ਸਰਬੱਤ ਦੇ ਭਲੇ ਦੀ ਸੋਚ ਅਤੇ ਪੰਜਾਬ ਦੇ ਹੱਕਾਂ ਲਈ ਨਿਡਰ ਸੰਘਰਸ਼ ਤੋਂ ਪ੍ਰਭਾਵਿਤ ਹੋ ਕੇ ਅੱਜ ਵੱਖ-ਵੱਖ ਪਿਛੋਕੜਾਂ ਤੋਂ ਲੋਕ ਪਾਰਟੀ ਨਾਲ ਜੁੜ ਰਹੇ ਹਨ। ਡਾ. ਅਵਤਾਰ ਸਿੰਘ ਗਿੱਲ ਵਰਗੇ ਪੜ੍ਹੇ-ਲਿਖੇ, ਜ਼ਮੀਨੀ ਪੱਧਰ ਤੇ ਅਧਾਰ ਰੱਖਣ ਵਾਲੇ ਆਗੂ ਦਾ ਸ਼ਾਮਿਲ ਹੋਣਾ ਪਾਰਟੀ ਦੀ ਤਾਕਤ ਨੂੰ ਹੋਰ ਮਜ਼ਬੂਤ ਕਰੇਗਾ। ਇਸ ਮੌਕੇ ਇਹ ਵੀ ਸਪੱਸ਼ਟ ਕੀਤਾ ਗਿਆ ਕਿ ਅਕਾਲੀ ਦਲ ਵਾਰਿਸ ਪੰਜਾਬ ਦੇ ਦਰਵਾਜੇ ਪੰਥ ਅਤੇ ਪੰਜਾਬ ਦੇ ਭਲੇ ਲਈ ਸੋਚਣ ਵਾਲੇ ਹਰ ਇਕ ਇਮਾਨਦਾਰ ਵਿਅਕਤੀ ਲਈ ਬਿਨਾਂ ਕਿਸੇ ਭੇਦਭਾਵ ਦੇ ਸਦਾ ਖੁੱਲ੍ਹੇ ਹਨ। ਚਾਹੇ ਕੋਈ ਵੀ ਵਿਅਕਤੀ ਕਿਸੇ ਵੀ ਪਾਰਟੀ ਜਾਂ ਵਰਗ ਨਾਲ ਸੰਬੰਧਿਤ ਰਿਹਾ ਹੋਵੇ, ਜੇ ਉਸਦੀ ਸੋਚ ਪੰਜਾਬ, ਪੰਥ ਅਤੇ ਨੌਜਵਾਨੀ ਦੇ ਭਵਿੱਖ ਨਾਲ ਜੁੜੀ ਹੋਈ ਹੈ ਤਾਂ ਉਸਦਾ ਸਵਾਗਤ ਹੈ। ਅੰਤ ਵਿੱਚ ਆਗੂਆਂ ਨੇ ਵਿਸ਼ਵਾਸ ਪ੍ਰਗਟਾਇਆ ਕਿ ਨਵੇਂ ਸ਼ਾਮਿਲ ਹੋਏ ਸਾਥੀ ਪਾਰਟੀ ਦੀ ਨੀਤੀ ਅਤੇ ਵਿਚਾਰਧਾਰਾ ਅਨੁਸਾਰ ਨਿਡਰਤਾ ਅਤੇ ਇਮਾਨਦਾਰੀ ਨਾਲ ਕੰਮ ਕਰਦੇ ਹੋਏ ਪੰਥਕ ਅੰਦੋਲਨ ਨੂੰ ਹੋਰ ਮਜ਼ਬੂਤ ਕਰਨਗੇ ਅਤੇ ਪੰਜਾਬ ਨੂੰ ਉਸਦਾ ਹੱਕ ਦਿਵਾਉਣ ਲਈ ਅਕਾਲੀ ਦਲ ਵਾਰਿਸ ਪੰਜਾਬ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸੰਘਰਸ਼ ਕਰਨਗੇ।



# ਐੱਸ ਸੀ ਭਾਈਚਾਰੇ ਨੂੰ ਸੱਤਾਧਾਰੀਆਂ ਨੇ ਵੋਟ ਬੈਂਕ ਵਜੋਂ ਵਰਤਿਆ : ਡਾਕਟਰ ਜਗਜੀਵਨ ਸਿੰਘ ਸ਼ੇਰਪੁਰ

ਸੇਰਪੁਰ ( ਰਣਜੀਤ ਸਿੰਘ ਪੇਧਨੀ ) ਸੂਬੇ ਵਿੱਚ ਐੱਸ ਸੀ ਭਾਈਚਾਰੇ ਦੀ ਵੋਟ ਬੈਂਕ 40 ਪ੍ਰਤੀਸ਼ਤ ਤੋਂ ਵੀ ਵੱਧ ਹੈ। ਪਰ ਇਹ ਬਹੁਤ ਹੀ ਦੁਖਦਾਈ ਤੇ ਚਿੰਤਾਜਨਕ ਗੱਲ ਹੈ ਕਿ ਰਾਜਨੀਤਕ, ਆਰਥਿਕ, ਵਪਾਰਕ ਤੇ ਪ੍ਰਸ਼ਾਸਨਕ ਪੱਧਰ 'ਤੇ ਅਜੇ ਤੱਕ ਇਸ ਭਾਈਚਾਰੇ ਨੂੰ ਉਸ ਦੇ ਹੱਕ ਅਨੁਸਾਰ 40 ਪ੍ਰਤੀਸ਼ਤ ਭਾਗੀਦਾਰੀ ਨਹੀਂ ਮਿਲੀ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ, ਬਹੁਜਨ ਸਮਾਜ ਪਾਰਟੀ ਬ,ਨਾਲਾ ਦੇ ਇੰਚਾਰਜ ਡਾਕਟਰ ਜਗਜੀਵਨ ਸਿੰਘ ਸ਼ੇਰਪੁਰ ਨੇ ਕੀਤਾ। ਉਨ੍ਹਾਂ ਕਿਹਾ ਕਿ ਐੱਸ ਸੀ ਭਾਈਚਾਰੇ ਦੇ ਬੇਹੱਦ ਬੱਚੇ ਤੇ ਨੌਜਵਾਨ ਅਤੀ ਗਰੀਬੀ, ਮਜ਼ਦੂਰੀ, ਦਿਹਾੜੀ ਤੇ ਬਹੁਤ ਹੀ ਮੁਸ਼ਕਲ ਹਾਲਤਾਂ ਵਿੱਚੋਂ ਲੰਘ ਕੇ ਪੜ੍ਹਾਈ ਕਰਦੇ ਹਨ ਅਤੇ ਵੱਡੇ ਸੰਘਰਸ਼ ਤੋਂ ਬਾਅਦ ਰਾਜਨੀਤੀ ਜਾਂ ਸਰਕਾਰੀ ਨੌਕਰੀਆਂ ਤੱਕ ਪਹੁੰਚ ਬਣਾਉਂਦੇ ਹਨ।ਪਰ ਜਦੋਂ ਇਹ ਨੌਜਵਾਨ ਆਪਣੀ ਯੋਗਤਾ, ਮਿਹਨਤ ਤੇ ਤਜਰਬੇ ਦੇ ਆਧਾਰ 'ਤੇ ਅੱਗੇ ਵਧਣ ਦੇ ਪੂਰੇ ਹੱਕਦਾਰ ਹੁੰਦੇ ਹਨ, ਤਾਂ ਉਨ੍ਹਾਂ ਨੂੰ ਪ੍ਰਮੋਸ਼ਨਾਂ, ਜ਼ਿੰਮੇਵਾਰ ਅਹੁਦਿਆਂ ਤੇ ਨੀਤੀ-ਨਿਰਧਾਰਣ ਦੀ ਪ੍ਰਕਿਰਿਆ ਤੋਂ ਅਕਸਰ ਵਾਂਝੇ ਰੱਖਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਸਮਾਜਿਕ ਬੇਇਨਸਾਫੀ ਨਹੀਂ, ਸਗੋਂ ਭਾਰਤੀ ਸੰਵਿਧਾਨ ਦੁਆਰਾ ਪ੍ਰਦੱਤ ਅਧਿਕਾਰਾਂ ਦੀ ਖੁੱਲ੍ਹੀ ਉਲੰਘਣਾ ਹੈ।ਐੱਸ ਸੀ ਭਾਈਚਾਰੇ ਨੇ ਹਮੇਸ਼ਾ ਲੋਕਤੰਤਰ ਨੂੰ ਮਜ਼ਬੂਤ ਕੀਤਾ ਹੈ, ਪਰ ਅਫ਼ਸੋਸ ਦੀ ਗੱਲ ਹੈ ਕਿ ਕਈ ਸਰਕਾਰਾਂ ਸੱਤਾ ਵਿੱਚ ਆ ਕੇ ਇਸ ਭਾਈਚਾਰੇ ਨੂੰ ਸਿਰਫ਼ ਵੋਟ ਬੈਂਕ ਵਜੋਂ ਹੀ ਵਰਤਦੀਆਂ ਰਹੀਆਂ ਹਨ।ਉਨ੍ਹਾਂ ਮੰਗ ਕੀਤੀ ਕਿ ਐੱਸ ਸੀ ਭਾਈਚਾਰੇ ਨੂੰ ਰਾਜਨੀਤਕ ਤੇ ਪ੍ਰਸ਼ਾਸਨਕ ਫੈਸਲਾ-ਕਰਨ ਵਿੱਚ 40 ਪ੍ਰਤੀਸ਼ਤ ਦੇ ਅਨੁਪਾਤ ਅਨੁਸਾਰ ਯੋਗ ਪ੍ਰਤੀਨਿਧਤਾ ਦੇਣ ਦੇ ਨਾਲ ਨਾਲ ਵਿਧਾਨ ਸਭਾ ਚੋਣਾਂ ਵਿੱਚ ਐੱਮ ਐੱਲ ਏ ਦੀਆਂ ਟਿਕਟਾਂ ਤੇ ਵੱਖ-ਵੱਖ ਬੋਰਡਾਂ, ਕਾਰਪੋਰੇਸ਼ਨਾਂ ਤੇ ਸੰਸਥਾਵਾਂ ਵਿੱਚ ਚੇਅਰਮੈਨੀਆਂ ਅਤੇ ਅਹੁਦੇ 40 ਪ੍ਰਤੀਸ਼ਤ ਦੇ ਅਨੁਪਾਤ ਵਿੱਚ ਨਿਯੁਕਤ ਕੀਤੇ ਜਾਣ। ਪੰਜਾਬ ਵਿੱਚ ਤਾਇਨਾਤ ਐੱਸਸੀ ਭਾਈਚਾਰੇ ਦੇ ਸੀਨੀਅਰ ਅਧਿਕਾਰੀਆਂ ਨੂੰ ਬਣਦੀਆਂ ਪ੍ਰਮੋਸ਼ਨਾਂ ਤੁਰੰਤ ਦਿੱਤੀਆਂ ਜਾਣ ਤੇ ਜੋ ਅਧਿਕਾਰੀ ਪਹਿਲਾਂ ਹੀ ਉਨ੍ਹਾਂ ਅਹੁਦਿਆਂ 'ਤੇ ਕੰਮ ਕਰ ਰਹੇ ਹਨ, ਉਨ੍ਹਾਂ ਨੂੰ ਪੂਰੀਆਂ ਪ੍ਰਸ਼ਾਸਨਕ ਜ਼ਿੰਮੇਵਾਰੀਆਂ ਤੇ ਅਧਿਕਾਰ ਸੌਂਪੇ ਜਾਣ।ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਐੱਸ ਸੀ ਭਾਈਚਾਰੇ ਨੂੰ ਉਸ ਦੇ ਸੰਵਿਧਾਨਕ ਤੇ ਨੈਤਿਕ ਹੱਕ ਨਹੀਂ ਮਿਲੇ, ਤਾਂ ਸੰਯੁਕਤ ਸਰਪੰਚ ਯੂਨੀਅਨ ਪੰਜਾਬ ਲੋਕਤੰਤਰਿਕ ਤੇ ਕਾਨੂੰਨੀ ਤਰੀਕਿਆਂ ਨਾਲ ਆਪਣੀ ਲੜਾਈ ਨੂੰ ਹੋਰ ਤੇਜ਼ ਕਰੇਗੀ। ਪੰਜਾਬ ਸਰਕਾਰ ਨੂੰ ਬੇਨਤੀ ਹੈ ਕਿ ਉਹ ਭਾਈਚਾਰੇ ਦੇ ਬਣਦੇ ਹੱਕਾਂ ਨੂੰ ਸਮੇਂ ਸਿਰ ਪੂਰਾ ਕਰੇ।



### 26 ਜਨਵਰੀ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੱਡੀ ਪੰਥਕ ਇਕੱਤਰਤਾ ਸਬੰਧੀ

# ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਹੰਗਾਮੀ ਮੀਟਿੰਗ



### ਸਿਮਰਨਜੀਤ ਸਿੰਘ ਮਾਨ ਜੀ ਦੀ ਅਗਵਾਈ ਹੇਠ ਵੱਧ ਤੋਂ ਵੱਧ ਹਾਜ਼ਰੀ ਯਕੀਨੀ ਬਣਾਉਣ 'ਤੇ ਜ਼ੋਰ

**ਅੰਮ੍ਰਿਤਸਰ, 20 ਜਨਵਰੀ (ਇਕਬਾਲ ਸਿੰਘ ਤੁੰਗ ਅੰਮ੍ਰਿਤਸਰ ਸਾਹਿਬ)**-26 ਜਨਵਰੀ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਸਮੁੱਚੀਆਂ ਸਿੱਖ ਜਥੇਬੰਦੀਆਂ ਵੱਲੋਂ ਕੀਤੀ ਜਾ ਰਹੀ ਵੱਡੀ ਪੰਥਕ ਇਕੱਤਰਤਾ ਦੇ ਸਬੰਧ ਵਿੱਚ ਅੱਜ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ ਵੱਲੋਂ ਪਾਰਟੀ ਦੇ ਉਪ ਦਫ਼ਤਰ ਨਿਊ ਅੰਮ੍ਰਿਤਸਰ ਵਿੱਚ ਹੰਗਾਮੀ ਮੀਟਿੰਗ ਕੀਤੀ ਗਈ। ਮੀਟਿੰਗ ਦੀ ਅਗਵਾਈ ਪਾਰਟੀ ਦੇ ਜਨਰਲ ਸਕੱਤਰ ਉਪਕਾਰ ਸਿੰਘ ਸੰਧੂ ਨੇ ਕੀਤੀ, ਜਿਸ ਵਿੱਚ ਜ਼ਿਲ੍ਹਾ ਅੰਮ੍ਰਿਤਸਰ ਦੇ ਸਮੂਹ ਅਹੁਦੇਦਾਰ ਮੌਜੂਦ ਰਹੇ।ਮੀਟਿੰਗ ਦੌਰਾਨ 26 ਜਨਵਰੀ ਨੂੰ ਹੋਣ ਵਾਲੀ ਇਕੱਤਰਤਾ ਵਿੱਚ ਵੱਧ ਤੋਂ ਵੱਧ ਹਾਜ਼ਰੀ ਯਕੀਨੀ ਬਣਾਉਣ ਲਈ ਵਿਚਾਰ-ਵਟਾਂਦਰਾ ਕੀਤਾ ਗਿਆ ਅਤੇ ਤਿਆਰੀਆਂ ਬਾਰੇ ਚਰਚਾ ਹੋਈ।ਇਸ ਮੌਕੇ ਗੱਲਬਾਤ ਕਰਦਿਆਂ ਜਨਰਲ ਸਕੱਤਰ ਉਪਕਾਰ ਸਿੰਘ ਸੰਧੂ ਨੇ ਕਿਹਾ ਕਿ ਸ਼੍ਰੀ ਅਕਾਲ ਤਖ਼ਤ ਸਾਹਿਬ 'ਤੇ ਹਮਲੇ ਤੋਂ ਬਾਅਦ 1986 ਵਿੱਚ ਵੱਡਾ ਸਰਬੱਤ ਖਾਲਸਾ ਹੋਇਆ ਸੀ। ਉਸੇ ਸਰਬੱਤ ਖਾਲਸੇ ਦੀ ਤਰਜਮਾਨੀ ਤਹਿਤ 26 ਜਨਵਰੀ ਨੂੰ ਸਮੁੱਚੀਆਂ ਸਿੱਖ ਜਥੇਬੰਦੀਆਂ ਵੱਲੋਂ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਵੱਡੀ ਇਕੱਤਰਤਾ ਕੀਤੀ ਜਾ ਰਹੀ ਹੈ। ਉਨ੍ਹਾਂ ਸਮੂਹ ਸਿੱਖ ਸੰਗਤ ਨੂੰ ਅਪੀਲ ਕੀਤੀ ਕਿ ਹਰ ਸਿੱਖ 26 ਜਨਵਰੀ ਨੂੰ ਸ਼੍ਰੀ ਅਕਾਲ ਤਖ਼ਤ ਸਾਹਿਬ ਵਿਖੇ ਪਹੁੰਚ ਕੇ ਇਸ ਪੰਥਕ ਇਕੱਤਰਤਾ ਵਿੱਚ ਸ਼ਮੂਲੀਅਤ ਕਰੇ। ਮੀਟਿੰਗ ਦੇ ਅੰਤ ਵਿੱਚ ਫੈਸਲਾ ਕੀਤਾ ਗਿਆ ਕਿ ਪਾਰਟੀ ਵੱਲੋਂ ਜ਼ਿਲ੍ਹਾ ਪੱਧਰ 'ਤੇ ਤਿਆਰੀਆਂ ਨੂੰ ਤੇਜ਼ ਕੀਤਾ ਜਾਵੇਗਾ ਅਤੇ ਸੰਗਤ ਨਾਲ ਸੰਪਰਕ ਕਰਕੇ ਵੱਡੀ ਗਿਣਤੀ ਵਿੱਚ ਹਾਜ਼ਰੀ ਯਕੀਨੀ ਬਣਾਈ ਜਾਵੇਗੀ। ਇਸ ਮੌਕੇ ਅਮਰੀਕ ਸਿੰਘ ਨੰਗਲ, ਕੁਲਵੰਤ ਸਿੰਘ ਮਝੈਲ, ਕੁਲਵੰਤ ਸਿੰਘ ਕੋਟਲਾ, ਸ਼ਮਸ਼ੇਰ ਸਿੰਘ ਬਰਾੜ, ਪਰਮਜੀਤ ਸਿੰਘ ਖਾਸਾ , ਗੁਰਮੇਲ ਸਿੰਘ ਨੰਬਰਦਾਰ , ਦਵਿੰਦਰ ਸਿੰਘ ਬੱਲ , ਦਵਿੰਦਰ ਸਿੰਘ ਸਦਿਓੜਾ, ਰਵੀ ਸ਼ੇਰ ਸਿੰਘ, ਪ੍ਰਭਪ੍ਰੀਤ ਸਿੰਘ , ਅਮਰਿੰਦਰ ਸਿੰਘ ,ਗੁਰ ਅਵਤਾਰ ਸਿੰਘ ਤੇ ਹੋਰ ਹਾਜ਼ਰ ਸਨ।

# ਹਰ ਮਹੀਨੇ 125 ਲੋੜਵੰਦਾਂ ਪਰਿਵਾਰਾਂ ਨੂੰ ਵੰਡਿਆ ਜਾਂਦਾ ਹੈ ਰਾਸ਼ਨ

### ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ, ਗਿ. ਤੇਜਬੀਰ ਸਿੰਘ ਕਨੇਡਾ ਭਲਾਈਪੁਰ



**ਚੌਕ ਮਹਿਤਾ, 20 ਜਨਵਰੀ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਨੈਸ਼ਨਲ ਹਾਈਵੇ ਤੋਂ ਚਾਰ ਕਿਲੋਮੀਟਰ ਦੀ ਦੂਰੀ ਤੇ ਸਥਿਤ ਸੰਤ ਬਾਬਾ ਗੁਰਬਖਸ਼ ਸਿੰਘ ਜੀ ਖਾਲਸਾ ਅਕੈਡਮੀ, ਜੱਬਵਾਲ ਵੱਲੋਂ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਚਲਾਈ ਜਾ ਰਹੀ ਯੂ ਆਰ ਸੇਵਾ ਚੈਰਾਇਟੀ ਵੱਲੋਂ ਬੜੇ ਹੀ ਨੇਕ ਭਲਾਈ ਦੇ ਕੰਮ ਕੀਤੇ ਜਾ ਰਹੇ ਹਨ। ਅਤੇ ਇਸ ਅਕੈਡਮੀ ਵੱਲੋਂ ਲੋੜਵੰਦ ਬੱਚਿਆਂ ਅਤੇ ਗਰੀਬ ਪਰਿਵਾਰਾਂ ਦੀ ਬਾਂਹ ਫੜੀ ਜਾ ਰਹੀ। ਹਰ ਮਹੀਨੇ ਦੀ ਤਰ੍ਹਾਂ ਇਸ ਵਾਰ ਵੀ ਅਕੈਡਮੀ ਵੱਲੋਂ ਗਰੀਬ ਪਰਿਵਾਰਾਂ,ਲੋੜਵਦਿ ਦ ਪਰਿਵਾਰਾਂ ਅਤੇ ਜਿਨਾਂ ਦਾ ਕੋਈ ਕਮਾਈ ਦਾ ਸਾਧਨ ਨਹੀਂ ਹੈ ਉਨ੍ਹਾਂ ਪਰਿਵਾਰਾਂ ਨੂੰ ਰਾਸ਼ਨ ਵੰਡਿਆ ਗਿਆ।ਇਸ ਮੌਕੇ ਤੇ ਅਕੈਡਮੀ ਦੇ ਮੁੱਖ ਸੇਵਾਦਾਰ ਸੰਤ ਬਾਬਾ ਮਲਕੀਤ ਸਿੰਘ ਜੱਬੋਵਾਲ, ਅਤੇ ਤੇਜਬੀਰ ਸਿੰਘ ਕਨੇਡਾ ਭਲਾਈਪੁਰ ਨੇ ਪੱਤਰਕਾਰਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਇਹ ਪਹਿਲ ਕਦਮੀ ਅਤੇ ਸੇਵਾ ਦੀ ਆਰੰਭਤਾ 2013 ਤੋਂ ਸ਼ੁਰੂ ਕੀਤੀ ਅਤੇ 2014 ਨੂੰ ਰਾਸ਼ਨ ਅਸੀਂ ਪਹਿਲਾਂ ਪੰਜ ਪਰਿਵਾਰਾਂ ਵਿੱਚ ਵੰਡਿਆ ਇਹ ਉਹ ਪਰਿਵਾਰ ਸਨ ਜਿਨਾਂ ਦੇ ਕਮਰੇ ਵੀ ਕੱਚੇ ਸਨ ਅਤੇ ਕਮਾਈ ਦਾ ਜਿੰਨਾ ਦਾ ਕੋਈ ਸਾਧਨ ਵੀ ਨਹੀਂ ਸੀ ਜਾਂ ਜਿੰਨਾ ਪਰਿਵਾਰਾਂ ਵਿੱਚ ਕਮਾਉਣ ਵਾਲਾ ਵੀ ਆਦਮੀ ਨਹੀਂ ਸੀ ਉਹਨਾਂ ਪਰਿਵਾਰਾਂ ਤੋਂ ਆਰੰਭਤਾ ਕੀਤੀ।ਅਤੇ ਸਰਕਾਰ ਵੱਲੋਂ ਉਨਾਂ ਪਰਿਵਾਰਾਂ ਦੇ ਰਾਸ਼ਨ ਕਾਰਡ ਵੀ ਕੱਟੇ ਹੋਏ ਸਨ । ।ਇਸ ਮੌਕੇ ਤੇ ਬਾਬਾ ਜੀ ਹੁਣਾਂ ਦੱਸਿਆ ਕਿ ਅਸੀਂ ਰਾਸ਼ਨ ਦੇ ਨਾਲ ਨਾਲ ਫਿਰ ਇਹ ਵੀ ਸੋਚਿਆ ਕਿ ਇਹਨਾਂ ਦੇ ਬੱਚਿਆਂ ਨੂੰ ਅਕੈਡਮੀ ਵਿੱਚ ਹੀ ਰੱਖਿਆ ਜਾਵੇ ਅਤੇ ਉਹਨਾਂ ਨੂੰ ਦੁਨਿਆਵੀ ਵਿਦਿਆ ਦੇ ਨਾਲ ਨਾਲ ਗੁਰਮਤਿ ਨਾਲ ਵੀ ਜੋੜਿਆ ਜਾਵੇ । ਤਾਂ ਜੋ ਬੱਚੇ ਪੜ ਲਿਖ ਸਕਣ ਅਤੇ ਗੁਰਬਾਣੀ ਨਾਲ ਜੁੜਨ ਅਤੇ ਆਪਣੇ ਪੈਰਾਂ ਤੇ ਸਟੈਂਡ ਹੋ ਕੇ ਆਪਣੀ ਰੋਜ਼ੀ ਰੋਟੀ ਕਮਾ ਸਕਣ। ਇਸ ਸਮੇਂ ਖਾਲਸਾ ਅਕੈਡਮੀ ਵਿੱਚ ਬੱਚਿਆਂ ਦੀ ਪੜ੍ਹਾਈ ਵੀ ਫਰੀ ਹੈ ਅਤੇ ਉਹਨਾਂ ਨੂੰ ਗੁਰਮਤਿ ਦੀ ਸੰਥਿਆ ਵੀ ਦਿੱਤੀ ਜਾ ਰਹੀ ਹੈ ਅਤੇ ਉਹਨਾਂ ਨੂੰ ਸਵੇਰ ਤੋਂ ਲੈ ਕੇ ਸ਼ਾਮ ਤੱਕ ਗੁਰਬਾਣੀ ਨਾਲ ਵੀ ਜੋੜਿਆ ਜਾਂਦਾ ਹੈ। ਅਤੇ ਇੱਥੇ ਬੱਚਿਆਂ ਨੂੰ ਬਾਕਸਿੰਗ ਦੀ ਸਿਖਾਈ ਜਾਂਦੀ ਹੈ ਅਤੇ ਹੋਰ ਖੇਡਾਂ ਬਾਰੇ ਵੀ ਜਾਗਰਿਤ ਕੀਤਾ ਜਾਂਦਾ ਹੈ । ਅਕੈਡਮੀ ਦੇ ਪ੍ਰਿੰਸੀਪਲ ਸਾਹਿਬ ਵੀ ਬਹੁਤ ਹੀ ਕਾਬਲੀਅਤ ਇਨਸਾਨ ਹਨ।। ਇੱਥੇ ਬੱਚਿਆਂ ਨੂੰ ' ਨੂੰ ਸ਼ਾਮ ਦੇ ਟਾਈਮ ਤੇ ਕਥਾ ਕੀਰਤਨ, ਅਤੇ ਗੁਰਬਾਣੀ ਦੀ ਸੰਥਿਆ ਵੀ ਦਿੱਤੀ ਜਾਂਦੀ ਹੈ। ਅਤੇ ਬੱਚਿਆਂ ਨੂੰ ਤਬਲਾ ਹਾਰਮੋਨੀਅਮ ਵੀ ਸਿਖਾਇਆ ਜਾਂਦਾ ਹੈ।। ਇੱਥੇ ਇਹ ਦੱਸਣ ਯੋਗ ਹੈ ਕਿ ਇਹ ਅਕੈਡਮੀ ਦੇ ਸਿੰਘ ਸਮੇਂ ਸਮੇਂ ਤੇ ਪੰਜਾਬ ਤੇ ਆਈਆਂ ਮੁਸੀਬਤਾਂ ਵਿੱਚ ਆਪਣਾ ਯੋਗਦਾਨ ਪਾਉਂਦੇ ਹਨ ਜਿਵੇਂ ਕਿਸਾਨ ਮੋਰਚੇ ਵਿੱਚ ਵੀ ਇਹਨਾਂ ਦਾ ਅਹਿਮ ਯੋਗਦਾਨ ਰਿਹਾ ਉੱਥੇ ਵੀ ਇਹਨਾਂ ਲੰਗਰ ਦੀ ਸੇਵਾ ਨਿਭਾਈ ਅਤੇ ਹੁਣ ਹੜ ਪੀੜਤਾਂ ਵਾਸਤੇ ਵੀ ਲਗਾਤਾਰ ਨਿਰੰਤਰ ਸੇਵਾ ਇਹਨਾਂ ਦੀ ਜਾਰੀ ਹੈ ਅਤੇ ਇਹਨਾਂ ਦੇ ਸੇਵਾਦਾਰ ਬਹੁਤ ਹੀ ਤਨ ਮਨ ਧਨ ਨਾਲ ਆਪਣੀ ਸੇਵਾ ਕਰ ਰਹੇ ਹਨ ਇੱਥੇ ਸੰਤ ਬਾਬਾ ਮਲਕੀਤ ਸਿੰਘ ਅਤੇ ਗਿਆਨੀ ਤੇਜਬੀਰ ਸਿੰਘ ਕਨੇਡਾ ਭਲਾਈਪੁਰ ਜੀ ਨੇ ਦੱਸਿਆ ਕਿ 2014 ਤੋਂ ਲੈ ਕੇ 2026 ਤੱਕ ਹੁਣ ਲਗਭਗ 125 ਪਰਿਵਾਰਾਂ ਨੂੰ ਹਰ ਮਹੀਨੇ ਰਾਸ਼ਨ ਮੁਹਈਆ ਕਰਵਾਇਆ ਜਾ ਰਿਹਾ ਹੈ। ਇਹ ਰਾਸਨ ਵੰਡਣ ਤੋਂ ਪਹਿਲਾਂ 'ਸੰਗਤ ਨੂੰ ਦੋ ਘੰਟੇ 9 ਤੋਂ 11 ਵਜੇ ਤੱਕ ਨਾਮ ਜਪਾਇਆ ਜਾਂਦਾ ਹੈ। ਇਸ ਮੌਕੇ ਤੇ ਸੰਤ ਬਾਬਾ ਮਲਕੀਤ ਸਿੰਘ , ਤੇਜਬੀਰ ਸਿੰਘ ਕਨੇਡਾ ਭਲਾਈਪੁਰ ਹੁਣਾਂ ਨੇ ਦੱਸਿਆ ਕਿ, ਇਸ ਵਾਰ ਰਾਸ਼ਨ ਦੇ ਨਾਲ ਨਾਲ ਸਰਦ ਰੁੱਤ ਨੂੰ ਵੇਖਦਿਆਂ ਹੋਇਆਂ ਲੋੜਵੰਦ ਪਰਿਵਾਰਾਂ ਨੂੰ ਅਤੇ ਗਰੀਬ ਬੱਚਿਆਂ ਅਤੇ ਬੇਸਹਾਰਾ ਲੋਕਾਂ ਨੂੰ ਗਰਮ ਕੱਪੜੇ ਬੱਚਿਆਂ ਦੇ ਕੱਪੜੇ ਜਿਸ ਵਿੱਚ ਗਰਮ ਸ਼ਾਲ,ਕੋਟੀਆਂ, ਸਵੈਟਰ, ਜੈਕਟਾ ਵੰਡੀਆਂ ਗਈਆਂ। ਇਸ ਮੌਕੇ ਤੇ ਬਾਬਾ ਮਲਕੀਤ ਸਿੰਘ ਹੋਣਾਂ ਨੇ ਕਿਹਾ ਕਿ ਐਨਆਰਆਈ ਵੀਰਾਂ ਨੂੰ ਅਪੀਲ ਹੈ ਕਿ ਵੱਧ ਤੋਂ ਵੱਧ ਤੁਸੀਂ ਇਸ ਸੁਸਾਇਟੀ ਨਾਲ ਜੁੜੋ ਤਾਂ ਕਿ ਆਪਣੇ ਹੀ ਗਰੀਬ, ਬੇਸਹਾਰਾ, ਤੇ ਲੋੜਵੰਦ ਪਰਿਵਾਰਾਂ ਦੀ, ਬਾਂਹ ਫੜੀ ਜਾ ਸਕੇ।,, ਇਸ ਮੌਕੇ ਤੇ ਮੁੱਖ ਸੇਵਾਦਾਰ ਬਾਬਾ ਮਲਕੀਤ ਸਿੰਘ ਭਾਈ ਸੁਖਚੈਨ ਸਿੰਘ ਗਿਆਨੀ ਤੇਜ ਬੀਰ ਸਿੰਘ ਕਨੇਡ ਪ੍ਰਿੰਸੀਪਲ ਸੁਰਿੰਦਰਜੀਤ ਸਿੰਘ ਜਸਪਾਲ ਸਿੰਘ ਟੋਮਾ, ਸੁਖਦੇਵ ਸਿੰਘ ਗੁਰਬਾਜ ਸਿੰਘ ਬਾਜ ਗੁਰਪਿੰਦਰ ਸਿੰਘ ਆਦਿ ਸੇਵਾਦਾਰ ਹਾਜਰ ਸਨ।

# ਡਾ. ਰਵੀਕਾਂਤ ਗੁਪਤਾ ਵੱਲੋਂ ਕੀਤਾ ਸਬ ਸੈਂਟਰ ਸੀਂਗੋ ਦਾ ਨਿਰੀਖਣ, ਪਿੰਡ ਲਹਿਰੀ 'ਚ ਨਵੀਂ ਇਮਾਰਤ ਦਾ ਜਾਇਜ਼ਾ



**ਤਲਵੰਡੀ ਸਾਬੋ, 20 ਜਨਵਰੀ (ਗੁਰਜੰਟ ਸਿੰਘ ਨਥੇਹਾ)**- ਅੱਜ ਸੀਨੀਅਰ ਮੈਡੀਕਲ ਅਫ਼ਸਰ ਤਲਵੰਡੀ ਸਾਬੋ ਡਾ. ਰਵੀਕਾਂਤ ਗੁਪਤਾ ਵੱਲੋਂ ਸਬ ਸੈਂਟਰ ਸੀਂਗੋ ਦਾ ਦੌਰਾ ਕਰਕੇ ਜਿੱਥੇ ਸਿਹਤ ਸੇਵਾਵਾਂ ਦੀ ਸਥਿਤੀ ਦਾ ਜਾਇਜ਼ਾ ਲਿਆ ਗਿਆ ਉੱਥੇ ਉਨ੍ਹਾਂ ਵੱਲੋਂ ਪਿੰਡ ਲਹਿਰੀ ਵਿਖੇ ਨਿਰਮਾਣ ਅਧੀਨ ਨਵੇਂ ਸਬ ਸੈਂਟਰ ਦੀ ਇਮਾਰਤ ਦਾ ਵੀ ਨਿਰੀਖਣ ਕੀਤਾ ਗਿਆ।ਡਾ.ਰਵੀਕਾਂਤ ਗੁਪਤਾ ਨੇ ਚੱਲ ਰਹੇ ਨਿਰਮਾਣ ਕੰਮ ਦੀ ਗੁਣਵੱਤਾ ਅਤੇ ਤਰੱਕੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ ਅਤੇ ਸੰਬੰਧਿਤ ਅਧਿਕਾਰੀਆਂ ਨੂੰ ਕੰਮ ਸਮੇਂ ਸਿਰ ਅਤੇ ਨਿਰਧਾਰਤ ਮਿਆਰਾਂ ਅਨੁਸਾਰ ਪੂਰਾ ਕਰਨ ਲਈ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਕਿਹਾ ਕਿ ਪਿੰਡ ਪੱਧਰ 'ਤੇ ਸਿਹਤ ਢਾਂਚੇ ਨੂੰ ਮਜ਼ਬੂਤ ਕਰਨਾ ਵਿਭਾਗ ਦੀ ਪਹਿਲੀ ਨੀਤੀ ਹੈ ਤਾਂ ਜੋ ਲੋਕਾਂ ਨੂੰ ਆਪਣੇ ਨੇੜੇ ਹੀ ਬਿਹਤਰ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾ ਸਕਣ। ਇਸ ਮੌਕੇ ਸਰਪੰਚ ਹਰਮੰਦਰ ਸਿੰਘ ਬਰਾੜ ਨੇ ਦੱਸਿਆ ਕਿ ਜਿੱਥੇ ਪਿੰਡ ਸਾਰੇ ਵਿਕਾਸ ਕਾਰਜ ਸਮੇਂ ਸਮੇਂ ਤੇ ਕਰਵਾਏ ਜਾ ਰਹੇ ਉਥੇ ਹੀ ਪਿੰਡ ਵਾਸੀਆਂ ਲਈ ਸਿਹਤ ਸਹੂਲਤਾਂ ਦੇਣ ਵਾਸਤੇ ਸਬ ਸੈਂਟਰ ਦਾ ਕੰਮ ਪਹਿਲ ਦੇ ਆਧਾਰ 'ਤੇ ਕੀਤਾ ਜਾ ਰਿਹਾ ਹੈ। ਅੱਜ ਮਾਣਯੋਗ ਐੱਸਐੱਮਓ ਤਲਵੰਡੀ ਸਾਬੋ ਸ਼੍ਰੀ ਰਵੀ ਕਾਂਤ ਗੁਪਤਾ ਜੀ ਉਚੇਚੇ ਤੌਰ 'ਤੇ ਪਹੁੰਚੇ ਹਨ ਜਿਹਨਾਂ ਨੇ ਕੰਮ, ਇਮਾਰਤ ਦੇ ਨਿਰਮਾਣ ਦਾ ਜਾਇਜਾ ਲਿਆ ਹੈ। ਉਨ੍ਹਾਂ ਕਿਹਾ ਇਹ ਸਬ ਸੈਂਟਰ ਹੀ ਤਿਆਰ ਹੋ ਕੇ ਲੋਕਾਂ ਨੂੰ ਸਿਹਤ ਸਹੂਲਤਾਂ ਦੇਣ ਲੱਗ ਜਾਵੇਗਾ। ਇਸ ਮੌਕੇ ਸਮੁੱਚੀ ਪੰਚਾਇਤ ਤੋਂ ਇਲਾਵਾ ਸਬ ਸੈਂਟਰ ਸੀਂਗੋ ਤੋਂ ਕੁਲਦੀਪ ਸਿੰਘ ਆਦਿ ਮੌਜੂਦ ਸਨ।

# ਕੁੜੀਆਂ ਨਾਲ ਬਲਾਤਕਾਰ ਲਈ ਧਾਰਾ 302 ਤਹਿਤ ਮੌਤ ਦੀ ਸਜ਼ਾ ਹੋਣੀ ਚਾਹੀਦੀ ਹੈ : ਐਡਵੋਕੇਟ ਸਾਹਿਲ ਗੋਇਲ



**ਲਹਿਰਾਗਾਗਾ ( ਰਣਜੀਤ ਸਿੰਘ ਪੇਧਨੀ)** - 2018 ਵਿੱਚ 12 ਸਾਲ ਤੋਂ ਘੱਟ ਉਮਰ ਦੀਆਂ ਕੁੜੀਆਂ ਨਾਲ ਬਲਾਤਕਾਰ ਕਰਨ ਵਾਲਿਆਂ ਨੂੰ ਮੌਤ ਦੀ ਸਜ਼ਾ ਦੇਣ ਵਾਲਾ ਕਾਨੂੰਨ ਪਾਸ ਕੀਤਾ ਗਿਆ ਸੀ। ਹਾਲਾਂਕਿ, ਕਿਉਂਕਿ ਇਹ ਬਦਲਾਅ ਕਾਗਜ਼ੀ ਕਾਰਵਾਈਆਂ ਤੱਕ ਸੀਮਤ ਰਹਿੰਦੇ ਹਨ,ਇਸ ਲਈ ਅਜਿਹੇ ਮਾਮਲੇ ਰੁਕਦੇ ਨਹੀਂ ਹਨ,ਜੋ ਮਨੁੱਖਤਾ ਨੂੰ ਸ਼ਰਮਸਾਰ ਕਰਦੇ ਹਨ। ਪਹਿਲਾਂ, ਜਦੋਂ ਕਈ ਕੁੜੀ ਪੈਦਾ ਹੁੰਦੀ ਸੀ ਤਾਂ ਲੋਕ ਕਹਿੰਦੇ ਸਨ ਲਕਸ਼ਮੀ ਆ ਗਈ ਹੈ ਹਾਲਾਂਕਿ, ਹੁਣ ,ਕੁੜੀਆਂ ਅਤੇ ਛੋਟੇ ਬੱਚਿਆਂ ਨਾਲ ਬਲਾਤਕਾਰ ਦੀਆਂ ਵਧਦੀਆਂ ਘਟਨਾਵਾਂ ਕਾਰਨ ਮਾਪੇ ਉਨ੍ਹਾਂ ਦੇ ਜਨਮ ਤੋਂ ਲੈ ਕੇ ਉਨ੍ਹਾਂ ਦੇ ਵਿਆਹ ਤੱਕ ਉਨ੍ਹਾਂ ਦੀ ਇੱਜ਼ਤ ਬਾਰੇ ਚਿੰਤਤ ਹਨ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਉੱਘੇ ਸਮਾਜ ਸੇਵੀ ਐਡਵੋਕੇਟ ਸਾਹਿਲ ਗੋਇਲ ਨੇ ਕੀਤਾ। ਉਨ੍ਹਾਂ ਕਿਹਾ ਕਿ ਲੜਕੀਆਂ ਨਾਲ ਬਲਾਤਕਾਰ ਦੇ ਮਾਮਲਿਆਂ ਨੂੰ ਤਾਂ ਹੀ ਰੋਕਿਆ ਜਾ ਸਕਦਾ ਹੈ ਜੇਕਰ ਸਰਕਾਰ ਅਜਿਹੇ ਘਿਨਾਉਣੇ ਅਪਰਾਧਾਂ ਵਿਰੁੱਧ ਧਾਰਾ 302 ਦੇ ਤਹਿਤ ਕੇਸ ਦਰਜ ਕਰੇ ਅਤੇ ਦੋ ਮਹੀਨਿਆਂ ਦੇ ਅੰਦਰ ਦੋਸ਼ੀਆਂ ਨੂੰ ਫਾਂਸੀ ਦੇਵੇ ਇਸ ਨਾਲ ਬਲਾਤਕਾਰ ਵਰਗੇ ਘਿਨਾਉਣੇ ਅਤੇ ਸ਼ਰਮਨਾਕ ਕੰਮ ਕਰਨ ਵਾਲਿਆਂ ਵਿੱਚ ਕਾਨੂੰਨ ਦਾ ਡਰ ਪੈਦਾ ਹੋਵੇਗਾ। ਉਨ੍ਹਾਂ ਕਿਹਾ ਕਿ ਹਰ ਸਾਲ ਬਲਾਤਕਾਰ ਦੇ ਮਾਮਲਿਆਂ ਵਿੱਚ ਵਾਧਾ ਸਮਾਜ ਲਈ ਇੱਕ ਕਾਲਾ ਪਰਛਾਵਾਂ ਬਣਦਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿਦੇਸ਼ਾਂ ਵਿੱਚ ਇਸ ਘਿਨਾਉਣੀ ਘਟਨਾ ਵਿਰੁੱਧ ਸਖ਼ਤ ਕਾਨੂੰਨਾਂ ਕਾਰਨ ਛੋਟੀਆਂ ਕੁੜੀਆਂ ਅਤੇ ਔਰਤਾਂ ਨਾਲ ਬਲਾਤਕਾਰ ਦੇ ਮਾਮਲੇ ਲਗਭਗ ਨਾ-ਮਾਤਰ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੀ ਸਰਕਾਰ ਨੂੰ ਬਲਾਤਕਾਰ ਦੇ ਦੋਸ਼ੀਆਂ ਲਈ ਸਖ਼ਤ ਕਾਨੂੰਨ ਪਾਸ ਕਰਨਾ ਚਾਹੀਦਾ ਹੈ ਅਤੇ ਬਲਾਤਕਾਰ ਦੇ ਮਾਮਲੇ ਨੂੰ ਫਾਸਟ ਟਰੈਕ ਤੇ ਚਲਾਉਣਾ ਚਾਹੀਦਾ ਹੈ ਅਤੇ 30 ਦਿਨਾਂ ਦੇ ਅੰਦਰ ਕੇਸ ਨੂੰ ਖਤਮ ਕਰਨ ਲਈ ਕਾਨੂੰਨ ਪਾਸ ਕਰਨਾ ਚਾਹੀਦਾ ਹੈ,ਤਾਂ ਜੋ ਦੋਸ਼ੀ ਨੂੰ ਸਜ਼ਾ ਦਿੱਤੀ ਜਾ ਸਕੇ।

# ਗੁਰਬਾਜ਼ ਸਿੰਘ ਸਿੱਧੂ ਨੇ ਕੀਤਾ ਪਿੰਡਾਂ ਦਾ ਦੌਰਾ, ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਭਰੀ ਹਾਜ਼ਰੀ



**ਤਲਵੰਡੀ ਸਾਬੋ, 20 ਜਨਵਰੀ (ਗੁਰਜੰਟ ਸਿੰਘ ਨਥੇਹਾ)**-ਪਿਛਲੇ ਕਾਫੀ ਸਮੇਂ ਤੋਂ ਹਲਕੇ ਅੰਦਰ ਰਾਜਸੀ ਤੌਰ 'ਤੇ ਸਰਗਰਮ ਕਾਂਗਰਸ ਦੇ ਨੌਜਵਾਨ ਆਗੂ ਗੁਰਬਾਜ਼ ਸਿੰਘ ਸਿੱਧੂ ਨੇ ਅੱਜ ਹਲਕੇ ਦੇ ਪਿੰਡਾਂ ਦੇ ਦੌਰੇ ਦੌਰਾਨ ਜਿੱਥੇ ਵਰਕਰਾਂ ਨਾਲ ਮੁਲਾਕਾਤਾਂ ਕੀਤੀਆਂ ਉੱਥੇ ਲੋਕਾਂ ਦੇ ਨਿੱਜੀ ਪ੍ਰੋਗਰਾਮਾਂ 'ਚ ਵੀ ਹਾਜ਼ਰੀ ਭਰੀ ਤੇ ਲੋਕ ਮੁਸ਼ਕਲਾਂ ਸੁਣਦਿਆਂ ਉਨਾਂ ਦੇ ਜਲਦ ਹੱਲ ਦਾ ਯਕੀਨ ਦਵਾਇਆ। ਦੌਰੇ ਉਪਰੰਤ ਗੱਲਬਾਤ ਦੌਰਾਨ ਗੁਰਬਾਜ਼ ਸਿੰਘ ਸਿੱਧੂ ਨੇ ਕਿਹਾ ਕਿ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਜਿਸਨੇ ਪਿਛਲੇ ਕਰੀਬ ਚਾਰ ਸਾਲ ਦਾ ਕਾਰਜਕਾਲ ਬਿਨਾਂ ਕਿਸੇ ਕੰਮਕਾਜ ਤੋਂ ਲੰਘਾ ਦਿੱਤਾ ਹੁਣ ਆਪਣੇ ਆਖਿਰੀ ਸਾਲ ਚ ਲੋਕਾਂ ਨੂੰ ਲੁਭਾਉਣ ਦੀਆਂ ਕੋਸ਼ਿਸ਼ਾਂ 'ਚ ਲੱਗੀ ਹੈ ਪਰ ਸੂਬੇ ਦੇ ਲੋਕ ਇਹ ਭਲੀਭਾਂਤ ਜਾਣ ਚੁੱਕੇ ਹਨ ਕਿ ਜਿਹੜੀ ਸਰਕਾਰ ਚਾਰ ਸਾਲ ਕੁਝ ਨਹੀ ਕਰ ਸਕੀ ਉਹ ਹੁਣ ਆਪਣੇ ਤਕਰੀਬਨ 11 ਮਹੀਨਿਆਂ ਦੇ ਕਾਰਜਕਾਲ ਦੌਰਾਨ ਕੀ ਕਰ ਸਕੇਗੀ।ਸਿੱਧੂ ਮੁਤਾਬਿਕ ਚਾਰ ਸਾਲ ਤੋਂ ਪੰਜਾਬ ਵਿੱਚ ਅਰਾਜਕਤਾ ਦਾ ਮਾਹੌਲ ਬਣਿਆ ਹੋਇਆ ਹੈ ਪਰ ਸਰਕਾਰ ਅਮਨ ਕਾਨੂੰਨ ਬਣਾਈ ਰੱਖਣ 'ਚ ਬੁਰੀ ਤਰ੍ਹਾਂ ਫੇਲ ਸਾਬਿਤ ਹੋਈ ਤੇ ਹੁਣ ਆਖਰੀ ਸਾਲ ਉਸਦੇ ਇਹ ਦਾਅਵੇ ਕਿ ਪੰਜਾਬ ਚੋਂ ਸਮਾਜ ਵਿਰੋਧੀ ਅਨਸਰਾਂ ਦਾ ਸਫਾਇਆ ਕਰ ਦਿੱਤਾ ਜਾਵੇਗਾ ਲੋਕਾਂ ਦੇ ਗਲੇ ਹੇਠੋਂ ਨਹੀ ਉੱਤਰ ਰਿਹਾ। ਉਨਾਂ ਕਿਹਾ ਕਿ ਬਾਗਵਾਨੀ ਖੇਤਰ ਹੇਠਲਾ ਰਕਬਾ ਤਕਰੀਬਨ ਦੁੱਗਣਾ ਕਰਨ ਦਾ ਕੈਬਨਿਟ ਦਾ ਫੈਸਲਾ ਵੀ ਸਵਾਲ ਖੜੇ ਕਰਦਾ ਹੈ ਕਿ ਅਗਰ ਸਰਕਾਰ ਬਣਦਿਆਂ ਹੀ ਇਹ ਫੈਸਲਾ ਲਿਆ ਹੁੰਦਾ ਤਾਂ ਹੁਣ ਤੱਕ ਅਸਰ ਦੇਖਣ ਨੂੰ ਮਿਲ ਸਕਦਾ ਸੀ ਪਰ ਹੁਣ ਜਦੋਂ ਸਰਕਾਰ ਦਾ ਸਮਾਂ ਹੀ ਥੋੜਾ ਰਹਿ ਗਿਆ ਤਾਂ ਇਸਤੇ ਅਮਲ ਕਿਵੇਂ ਹੋ ਸਕੇਗਾ। ਸਿੱਧੂ ਨਾਲ ਇਸ ਮੌਕੇ ਮਨਜੀਤ ਸਿੰਘ ਲਾਲੇਆਣਾ ਹਲਕਾ ਪ੍ਰਧਾਨ ਜੱਟਮਹਾਂ ਸਭਾ, ਜਸਪਾਲ ਸਿੰਘ ਪਾਲਾ ਸਾਬਕਾ ਪ੍ਰਧਾਨ ਬਲਾਕ ਕਾਂਗਰਸ ਰਾਮਾਂ, ਐਡਵੋਕੇਟ ਗੁਰਤੇਜ ਸਿੰਘ ਭਾਗੀਵਾਂਦਰ, ਚਰਨਾ ਸਿੰਘ ਭਾਗੀਵਾਂਦਰ, ਜਗਤਾਰ ਸਿੰਘ ਨੰਬਰਦਾਰ, ਹਰਜਿੰਦਰ ਸਿੰਘ ਜਿੰਦਾ, ਚਰਨਜੀਤ ਸਿੰਘ ਕੋਟਬਖਤੂ, ਹਰਪਾਲ ਗਾਟਵਾਲੀ, ਗੁਰਵਿੰਦਰ ਸਿੰਘ ਦੁੱਨੇਵਾਲਾ ਆਦਿ ਆਗੂ ਮੌਜੂਦ ਸਨ।

# ਜੱਚਾ ਬੱਚਾ ਹਸਪਤਾਲ ਦੇ ਕੰਮ ਨੂੰ ਜਲਦ ਪੂਰਾ ਕਰਨ ਲਈ ਐਸ.ਐਮ.ਓ ਤਲਵੰਡੀ ਸਾਬੋ ਨੇ ਪ੍ਰੋ. ਬਲਜਿੰਦਰ ਕੌਰ ਨਾਲ ਕੀਤੀ ਮੀਟਿੰਗ



ਤਲਵੰਡੀ ਸਾਬੋ, 20 ਜਨਵਰੀ (ਗੁਰਜੰਟ ਸਿੰਘ ਨਥੇਹਾ)- ਸੀਨੀਅਰ ਮੈਡੀਕਲ ਅਫਸਰ ਤਲਵੰਡੀ ਸਾਬੋ ਡਾ. ਰਵੀ ਕਾਂਤ ਗੁਪਤਾ ਵੱਲੋਂ ਵਿਧਾਨ ਸਭਾ ਹਲਕਾ ਤਲਵੰਡੀ ਸਾਬੋ ਦੀ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨਾਲ ਜੱਚਾ ਬੱਚਾ ਹਸਪਤਾਲ ਦੇ ਬਾਕੀ ਰਹਿ ਗਏ ਕੰਮ ਨੂੰ ਤੇਜ਼ੀ ਨਾਲ ਮੁਕੰਮਲ ਕਰਕੇ ਉਸਦੀ ਜਲਦ ਉਦਘਾਟਨ ਸਬੰਧੀ ਅਧਿਕਾਰਿਕ ਮੀਟਿੰਗ ਕੀਤੀ ਗਈ। ਇਸ ਦੌਰਾਨ ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਸਿਵਲ ਸਰਜਨ ਬਠਿੰਡਾ ਡਾ. ਤਪਿੰਦਰਜੋਤ ਕੌਸ਼ਲ ਨਾਲ ਵੀ ਗੱਲਬਾਤ ਕਰਕੇ ਮਹਿਲਾ ਅਤੇ ਬਾਲ ਕਲਿਆਣ ਹਸਪਤਾਲ ਦੇ ਲੰਬਿਤ ਕੰਮਾਂ ਬਾਰੇ ਜਾਣਕਾਰੀ ਲਈ ਅਤੇ ਉਨ੍ਹਾਂ ਨੂੰ ਤੁਰੰਤ ਪੂਰਾ ਕਰਨ ਲਈ ਜ਼ਰੂਰੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ। ਮੀਟਿੰਗ ਦੌਰਾਨ ਤਲਵੰਡੀ ਸਾਬੋ ਵਿੱਚ ਨਸ਼ਾ ਛੁਡਾਊ ਕੇਂਦਰ ਨੂੰ ਮੁੜ ਚਾਲੂ ਕਰਨ ਸਬੰਧੀ ਮਾਮਲੇ 'ਤੇ ਵੀ ਵਿਚਾਰ ਕੀਤਾ ਗਿਆ ਅਤੇ ਇਸਨੂੰ ਜਲਦ ਤੋਂ ਜਲਦ ਮੁੜ ਕਾਰਜਸ਼ੀਲ ਬਣਾਉਣ ਲਈ ਸੰਬੰਧਿਤ ਵਿਭਾਗਾਂ ਨਾਲ ਤਾਲਮੇਲ ਕਰਨ ਉੱਤੇ ਸਹਿਮਤੀ ਬਣੀ। ਵਿਧਾਇਕ ਪ੍ਰੋ. ਬਲਜਿੰਦਰ ਕੌਰ ਨੇ ਕਿਹਾ ਕਿ ਹਲਕੇ ਦੇ ਲੋਕਾਂ ਨੂੰ ਗੁਣਵੱਤਾਪੂਰਨ ਸਿਹਤ ਸਹੂਲਤਾਂ ਪ੍ਰਦਾਨ ਕਰਨਾ ਸਰਕਾਰ ਦੀ ਪਹਿਲ ਹੈ ਅਤੇ ਇਸ ਸਬੰਧੀ ਚੱਲ ਰਹੇ ਪ੍ਰਾਜੈਕਟਾਂ ਵਿੱਚ ਕਿਸੇ ਵੀ ਕਿਸਮ ਦੀ ਢਿੱਲ ਨਹੀਂ ਆਉਣ ਦਿੱਤੀ ਜਾਵੇਗੀ।

## ਸਵਿਟਜ਼ਰਲੈਂਡ ਦੇ ਗੁਰਦੁਆਰਾ ਸਾਹਿਬ ਵਿਖ਼ੇ ਦਸਮ ਪਾਤਸ਼ਾਹ ਜੀ ਦਾ ਪ੍ਰਕਾਸ਼ ਪੁਰਬ ਮਨਾਇਆ ਗਿਆ ਅਤੇ

# ਭਾਈ ਸਤਵੰਤ ਸਿੰਘ, ਭਾਈ ਕੇਹਰ ਸਿੰਘ ਦੀ ਸ਼ਹੀਦੀ ਨੂੰ ਕੀਤਾ ਗਿਆ ਯਾਦ




**ਨਵੀਂ ਦਿੱਲੀ, 20 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):-** ਗੁਰਦੁਆਰਾ ਸਾਹਿਬ ਲਾਂਗਨਥਾਲ, ਸਵਿਟਜ਼ਰਲੈਂਡ ਵਿੱਚ ਦਸਵੇਂ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦਾ ਪ੍ਰਕਾਸ਼ ਉਤਸਵ ਅਤੇ ਗੁਰਦੁਆਰਾ ਸਾਹਿਬ ਦੀ ਨੀਂਹ ਪੱਥਰ ਰੱਖੇ ਜਾਣ ਦੀ 25ਵੀਂ ਵਰ੍ਹੇਗੰਢ ਬੜੀ ਸ਼ਰਧਾ ਅਤੇ ਧਾਰਮਿਕ ਉਤਸ਼ਾਹ ਨਾਲ ਮਨਾਈ ਗਈ। ਇਸ ਮਹਾਨ ਸਮਾਗਮ ਅੰਦਰ ਵੱਡੀ ਗਿਣਤੀ ਵਿੱਚ ਸਿੱਖ ਸੰਗਤ ਨੇ ਹਾਜ਼ਰੀ ਭਰੀ। ਇਸ ਤੋਂ ਇਲਾਵਾ ਸਵਿਟਜ਼ਰਲੈਂਡ ਦੇ ਮਾਣਯੋਗ ਅਹੁਦੇਦਾਰਾਂ ਅਤੇ ਵੱਖ-ਵੱਖ ਧਾਰਮਿਕ ਤੇ ਸਮਾਜਿਕ ਭਾਈਚਾਰਿਆਂ ਦੇ ਨੇਤਾਵਾਂ ਨੇ ਵੀ ਸ਼ਮੂਲੀਅਤ ਕੀਤੀ, ਜੋ ਆਪਸੀ ਭਾਈਚਾਰੇ, ਸਾਂਝ ਅਤੇ ਧਾਰਮਿਕ ਸਹਿਯੋਗ ਦਾ ਸੁੰਦਰ ਪ੍ਰਤੀਕ ਸੀ। ਸਮਾਗਮ ਦੀ ਸ਼ੁਰੂਆਤ ਅਖੰਡ ਪਾਠ ਸਾਹਿਬ ਦੇ ਭੋਗ ਨਾਲ ਹੋਈ। ਇਸ ਉਪਰੰਤ ਨੌਜਵਾਨ ਸਿੱਖ ਬੱਚਿਆਂ, ਬੱਚੀਆਂ ਅਤੇ ਕੀਰਤਨੀ ਜਥੇ ਵੱਲੋਂ ਸ਼ਬਦ ਕੀਰਤਨ ਗਾਇਨ ਕੀਤਾ ਗਿਆ, ਜਿਸ ਨਾਲ ਸੰਗਤ ਆਤਮਿਕ ਰਸ ਨਾਲ ਨਿਹਾਲ ਹੋ ਗਈ। ਕੀਰਤਨ ਤੋਂ ਬਾਅਦ ਭਾਈ ਕਰਨ ਸਿੰਘ ਜੀ ਨੇ ਸੰਗਤ ਨੂੰ ਪ੍ਰਕਾਸ਼ ਉਤਸਵ ਅਤੇ ਵਰ੍ਹੇਗੰਢ ਦੀਆਂ ਵਧਾਈਆਂ ਦਿੱਤੀਆਂ ਉਪਰੰਤ ਨੌਜਵਾਨਾਂ ਨੇ ਗੁਰੂ ਗੋਬਿੰਦ ਸਿੰਘ ਜੀ ਦੇ ਬਚਪਨ ਤੋਂ ਲੈ ਕੇ ਗੁਰੂ ਗ੍ਰੰਥ ਸਾਹਿਬ ਜੀ ਨੂੰ ਗੁਰਗੱਦੀ ਦੇਣ ਤੱਕ ਦੀ ਪੂਰੀ ਇਤਿਹਾਸਕ ਯਾਤਰਾ ਕਵਿਤਾਵਾਂ ਅਤੇ ਬਿਆਨਾਂ ਰਾਹੀਂ ਦਰਸਾਈ। ਉਨ੍ਹਾਂ ਨੇ ਦਰਸਾਇਆ ਕਿ ਕਿਵੇਂ ਗੁਰੂ ਗੋਬਿੰਦ ਸਿੰਘ ਜੀ ਨੇ ਆਪਣੇ ਪਿਤਾ ਗੁਰੂ ਤੇਗ ਬਹਾਦਰ ਜੀ ਨੂੰ ਸ਼ਹੀਦੀ ਲਈ ਪ੍ਰੇਰਿਤ ਕੀਤਾ ਅਤੇ ਸਾਨੂੰ ਸਦਾ ਮਨੁੱਖੀ ਅਧਿਕਾਰਾਂ, ਇਨਸਾਫ਼ ਅਤੇ ਸੱਚ ਲਈ ਖੜ੍ਹੇ ਰਹਿਣ ਦਾ ਉਪਦੇਸ਼ ਦਿੱਤਾ। ਇਸ ਉਪਰੰਤ ਸਮਾਗਮ ਵਿੱਚ ਬੋਲਣ ਵਾਲਿਆਂ ਵਿੱਚ ਮਿਸਟਰ ਇਜਾਜ਼ ਅਹਿਮਦ (ਜਮਾਤ-ਏ-ਇਸਲਾਮੀ), ਮਿਸਟਰ ਸਟੈਟਲਰ, ਮਿਸਟਰ ਲਾਮਾ, ਮਿਸਟਰ ਨਿਕੋਲਸ (ਜਿਨ੍ਹਾਂ ਨੇ ਸਿੱਖ ਧਰਮ ਅਪਣਾਇਆ ਹੈ), ਮਿਸਟਰ ਮੁਲਰ (ਲਾਂਗਨਥਾਲ ਦੇ ਮੇਅਰ ਅਤੇ ਆਉਣ ਵਾਲੇ ਸਮੇਂ ਦੇ ਮੰਤਰੀ), ਭਾਈ ਦਬਿੰਦਰਜੀਤ ਸਿੰਘ (ਸਿੱਖ ਫੈਡਰੇਸ਼ਨ ਯੂਕੇ), ਭਾਈ ਚਮਕੌਰ ਸਿੰਘ (ਖਾਲਸਾ ਏਡ) ਅਤੇ ਭਾਈ ਰਮੇਸ਼ ਸਿੰਘ (ਮੰਤਰੀ ਧਾਰਮਿਕ ਮਾਮਲੇ, ਪੰਜਾਬ ਪਾਕਿਸਤਾਨ) ਸ਼ਾਮਲ ਸਨ। ਸਾਰੇ ਵਕਤਾਵਾਂ ਨੇ ਅਮਨ, ਭਾਈਚਾਰੇ, ਧਾਰਮਿਕ ਸਹਿਯੋਗ ਅਤੇ ਮਨੁੱਖੀ ਅਧਿਕਾਰਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਸਮਾਗਮ ਦੇ ਅੰਤ ਵਿੱਚ ਭਾਈ ਹਰਮਿੰਦਰ ਸਿੰਘ ਖਾਲਸਾ ਜੀ ਨੇ ਮਿਸਟਰ ਮੁਲਰ ਦੀਆਂ ਸਿੱਖ ਕੌਮ ਅਤੇ ਮਨੁੱਖੀ ਅਧਿਕਾਰਾਂ ਲਈ ਕੀਤੀਆਂ ਸੇਵਾਵਾਂ ਬਾਰੇ ਚਾਨਣਾ ਪਾਇਆ। ਭਾਈ ਹਰਮਿੰਦਰ ਸਿੰਘ ਖਾਲਸਾ ਜੀ ਨੇ ਦੱਸਿਆ ਮਿਸਟਰ ਮੁਲਰ ਜੀ ਨੇ ਹਮੇਸ਼ਾ ਸਿੱਖ ਭਾਈਚਾਰੇ ਦਾ ਸਾਥ ਦਿੱਤਾ ਅਤੇ ਅਮਨ ਤੇ ਸਾਂਝ ਲਈ ਖੜ੍ਹੇ ਰਹੇ। ਇਸ ਮੌਕੇ ਉਨ੍ਹਾਂ ਨੂੰ ਅਮਨ ਅਤੇ ਸਾਂਝ ਲਈ ਸੋਨੇ ਦਾ ਤਮਗਾ ਭਾਈ ਰਣਜੀਤ ਸਿੰਘ ਜੀ ਅਤੇ ਸਰਦਾਰ ਰਮੇਸ਼ ਸਿੰਘ ਵੱਲੋਂ ਭੇਟ ਕੀਤਾ ਗਿਆ। ਆਪਣੇ ਸੰਬੋਧਨ ਵਿੱਚ ਭਾਈ ਹਰਮਿੰਦਰ ਸਿੰਘ ਖਾਲਸਾ ਜੀ ਨੇ ਸਿੱਖ ਸੰਗਤ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਉਤਸਵ ਅਤੇ ਗੁਰਦੁਆਰਾ ਸਾਹਿਬ ਦੀ 25ਵੀਂ ਵਰ੍ਹੇਗੰਢ ਦੀਆਂ ਵਧਾਈਆਂ ਦਿੱਤੀਆਂ। ਇਸ ਦੇ ਨਾਲ ਹੀ ਉਨ੍ਹਾਂ ਨੇ ਭਾਈ ਸਤਵੰਤ ਸਿੰਘ ਜੀ ਅਤੇ ਭਾਈ ਕੇਹਰ ਸਿੰਘ ਜੀ ਦੀ ਸ਼ਹੀਦੀ ਨੂੰ ਨਮਨ ਕਰਦਿਆਂ ਉਨ੍ਹਾਂ ਦੀ ਕੁਰਬਾਨੀ ਨੂੰ ਯਾਦ ਕੀਤਾ। ਸਮਾਗਮ ਦੀ ਸਮਾਪਤੀ ਤੇ ਗੁਰੂ ਕਾ ਲੰਗਰ ਅਟੁੱਟ ਵਰਤਾਇਆ ਗਿਆ ਸੀ, ਗੁਰੂ ਸਾਹਿਬਾਨਾਂ ਵਲੋਂ ਚਲਾਇਆ ਗਿਆ ਲੰਗਰ ਬਰਾਬਰੀ, ਸੇਵਾ ਅਤੇ ਮਨੁੱਖਤਾ ਦਾ ਪ੍ਰਤੀਕ ਹੈ।

**ਸਮਾਗਮ ਵਿਚ ਅਮਨ, ਭਾਈਚਾਰੇ, ਧਾਰਮਿਕ ਸਹਿਯੋਗ ਅਤੇ ਮਨੁੱਖੀ ਅਧਿਕਾਰਾਂ ਬਾਰੇ ਬੁਲਾਰੇਆ ਨੇ ਸਾਂਝੇ ਕੀਤੇ ਆਪਣੇ ਵਿਚਾਰ**

ਆਵਾਜ਼ਿ ਕੌਮ AWAZE QAUM
International Newspaper & WEB TV

ੴ

ਵਾਹਿਗੁਰੂ ਜੀ ਕਾ ਖਾਲਸਾ ॥
ਵਾਹਿਗੁਰੂ ਜੀ ਕੀ ਫ਼ਤਿਹ ਜੀ ॥



ਗੁਰਮੁਖਿ ਜਨਮੁ ਸਵਾਰਿ ਦਰਗਹ ਚਲਿਆ ॥
ਸੱਚੀ ਦਰਗਹ ਜਾਇ ਸਚਾ ਪਿੜ ਮਲਿਆ ॥

ਸਮੂਹ ਸਾਧ ਸੰਗਤ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਸੱਚਖੰਡਵਾਸੀ ਸ੍ਰੀ ਮਾਨ ਸੰਤ ਬਾਬਾ ਜਸਵੰਤ ਸਿੰਘ ਸਾਹਿਬ ਜੀ ਦੇ ਛੋਟੇ ਭਰਾਤਾ ਅਤੇ ਬਾਬਾ ਅਨਹਦਰਾਜ ਸਿੰਘ ਜੀ ਦੇ ਸਤਿਕਾਰ ਯੋਗ ਪਿਤਾ ਜੀ

## ਸਰਦਾਰ ਅਮਰਜੀਤ ਸਿੰਘ ਜੀ

ਮਿਤੀ 15/1/2026 ਨੂੰ ਅੰਮ੍ਰਿਤਵੇਲੇ ਇਸ ਫਾਨੀ ਸੰਸਾਰ ਨੂੰ ਅਲਵਿਦਾ ਕਹਿ ਕੇ ਸੱਚਖੰਡ ਜਾ ਬਿਰਾਜੇ ਹਨ।

**ਅੰਤਿਮ ਅਰਦਾਸ ਦੁਸ਼ਹਿਰਾ ਸਮਾਗਮ**

ਮਿਤੀ 24.01.2026 ਦਿਨ ਸ਼ਨੀਵਾਰ
ਦੁਪਹਿਰ 01:00 ਤੋਂ 02:00 ਵਜੇ ਤਕ
ਗੁਰਦੁਆਰਾ ਨਾਨਕਸਰ ਸਾਹਿਬ ਸਮਰਾਲਾ ਚੌਂਕ ਲੁਧਿਆਣਾ ਪੰਜਾਬ ਵਿਖੇ।

**ਬੇਨਤੀ ਕਰਤਾ**

ਡਾ. ਸ਼ਰਨਜੀਤ ਕੌਰ ਢਿੱਲੋਂ (ਪਤਨੀ) ਬਾਬਾ ਅਨਹਦ ਰਾਜ ਸਿੰਘ ਜੀ (ਸਪੁੱਤਰ)
+91 98140-23054

*Sardar Amarjeet Singh Ji*

(Younger brother of H.H Sant Baba Jaswant Singh Ji)

- FMR. Solicitor General Supreme Court of India
- Member Law Commission of India
- Vice Chairman BJS Dental College

Has completed his journey of life &
left for his heavenly abode on 15/01/2026

**ANTIM ARDAS**

24 January 2026, Saturday
01:00 PM to 02:00 PM
At Gurudwara Nanaksar Samrala Chowk
Ludhiana(Punjab)

**Benti from**

Wife : Dr. Sharanjeet Kaur Dhillon
Son : Dr. Baba Anhad Raj Singh Ji
Contact : +91 98140-23054



ਸਿੰਘ ਸਾਹਿਬ ਗਿਆਨੀ ਸੁਖਦੇਵ ਸਿੰਘ ਸਾਧਪੁਰ ਫਰਾਂਸ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਜੀ ਸ੍ਰੀ ਅੰਮ੍ਰਿਤਸਰ ਸਾਹਿਬ ਵਾਲੇ 21 ਜਨਵਰੀ 2026 ਦਿਨ ਬੁੱਧਵਾਰ ਭਾਈ ਮੰਝ ਰੋਡ ਸੀ ਐਮ ਸੀ ਹਸਪਤਾਲ ਦੇ ਨੇੜੇ ਅਰਦਾਸ ਅਤੇ ਗੁਰਮਤਿ ਵਿਚਾਰਾਂ ਦੀ ਸਾਂਝ ਪਾਉਣਗੇ।( ਫੋਟੋ ਵੇਰਵਾ ਬਾਬਾ ਸੁਖਵੰਤ ਸਿੰਘ ਚੰਨਣਕੇ ਚੌਕ ਮਹਿਤਾ)

*****************************************************************

## ਬਲਾਕ ਸ਼ੇਰਪੁਰ (ਸੰਗਰੂਰ) ਵੱਲੋ ਪ.ਸ.ਸ.ਫ( ਵਿਗਿਆਨਿਕ ) ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ 350 ਵੇਂ ਸ਼ਹਾਦਤ ਵਰ੍ਹੇ ਨੂੰ ਸਮਰਪਿਤ ਕੈਲੰਡਰ ਰਿਲੀਜ਼ ਕੀਤਾ ਗਿਆ




**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਸੁਬਾਰੀਨੇਟ ਸਰਵਿਸਿਜ਼ ਫੈਡਰੇਸ਼ਨ (ਵਿਗਿਆਨਕ)ਦੀ ਬਲਾਕ ਪੱਧਰੀ ਸ਼ੇਰਪੁਰ ਵਿਖੇ ਮੀਟਿੰਗ ਦੌਰਾਨ ਰਾਜਵੀਰ ਸਿੰਘ,ਅਸ਼ੋਕ ਕੁਮਾਰ ਜਿਲਾਂ ਜਰਨਲ ਸਕੱਤਰ ਵੱਲੋ ਸਾਂਝੇ ਫਰੰਟ ਦੇ ਚਲਦੇ ਪ੍ਰੋਗਰਾਮਾਂ ਦੀ ਮੀਟਿੰਗ ਵਿੱਚ ਫੈਡਰੇਸ਼ਨ ਵਲੋਂ ਨਿਭਾਏ ਰੋਲ ਦੀ ਸਮੀਖਿਆ ਦੀ ਚਰਚਾਂ ਕੀਤੀ ਗਈ ਅਤੇ ਸਾਲ 2026 ਦਾ ਫੈਡਰੇਸ਼ਨ ਵਿਗਿਆਨਕ ਵੱਲੋਂ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਜੀ ਦੇ 350 ਵੇਂ ਸ਼ਹਾਦਤ ਵਰੇ ਨੂੰ ਸਮਰਪਿਤ ਕੈਲੰਡਰ ਜਾਰੀ ਕੀਤਾ ਗਿਆ ।ਇਸ ਮੌਕੇ ਵਿਸ਼ੇਸ ਤੌਰ ਤੇ ਐਸ ਐਮ ਓ ਡਾਕਟਰ ਜਸਦੀਪ ਸਿੰਘ ਸ਼ੇਰਪੁਰ,ਮਾਲਵਿੰਦਰ ਸਿੰਘ ਸੀਨੀਅਰ ਸਹਾਇਕ,ਨਿਰਭੈ ਸਿੰਘ ਲੱਡਾ ਜਿਲਾ ਮੀਤ ਪ੍ਰਧਾਨ,ਕੇਵਲ ਸਿੰਘ ਭਸੌੜ,ਅਵਤਾਰ ਸਿੰਘ ਧੂਰੀ ਐਸ ਆਈ ,ਮਹਿੰਦਰ ਸਿੰਘ ਧੂਰੀ ਐਸ ਆਈ ,ਜਗਜੀਤ ਸਿੰਘ,ਬਲਜੀਤ ਸਿੰਘ,ਰੇਸ਼ਮ ਸਿੰਘ,ਜਗਸੀਰ ਸਿੰਘ,ਮ,ਪ,ਹ,ਵ (ਮੇਲ),ਗੁਰਵਿੰਦਰ ਸਿੰਘ ਕੰਪਿਊਟਰ ਅਪਰੇਟਰ,ਹਰਜਿੰਦਰ ਸਿੰਘ ਬੀ,ਐਸ ,ਏ ਕੁਲਦੀਪ ਸਿੰਘ ਉਪਵੈਦ ,ਬਲਵਿੰਦਰ ਸਿੰਘ ਫਾਰਮੇਸੀ ਆਫ਼ਸਰ,,ਗੁਰਮੀਤ ਕੌਰ ਸਟਾਫ ਨਰਸ,ਜਸਪ੍ਰੀਤ ਕੌਰ ਸਟਾਫ ਨਰਸ,ਅਮਨਪ੍ਰੀਤ ਕੌਰ,ਸੁਖਪਾਲ ਸਿੰਘ ਓਟ ਕੌਂਸਲਰ,ਕੁਲਵਿੰਦਰ ਸਿੰਘ ਜਹਾਂਗੀਰ,ਹਰਵਿੰਦਰ ਸਿੰਘ ਵਾਰਡ ਅਟੈਂਡੈਂਟ ਸ਼ੇਰਪੁਰ ਆਦਿ ਸਮੂਹ ਸਟਾਫ ਸੀ ਐਚ ਸੀ ਸ਼ੇਰਪੁਰ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਚੰਡੀਗੜ੍ਹ ਦੀਆਂ ਸੈਨੇਟ ਚੋਣਾਂ ਲਈ ਤਿਆਰੀ ਸ਼ੁਰੂ

**ਚੰਡੀਗੜ੍ਹ, 20 ਜਨਵਰੀ (ਆਵਾਜ਼ਿ ਕੌਮ ਬਿਊਰੋ)**-ਚੰਡੀਗੜ੍ਹ ਪੰਜਾਬ ਯੂਨੀਵਰਸਿਟੀ ਨੇ 2026 ਦੀਆਂ ਸੈਨੇਟ ਚੋਣਾਂ ਲਈ ਸਮਾਂ-ਸਾਰਣੀ ਦਾ ਐਲਾਨ ਕਰ ਦਿੱਤਾ ਹੈ। ਵੋਟਿੰਗ 20 ਸਤੰਬਰ ਨੂੰ ਹੋਵੇਗੀ। ਯੂਨੀਵਰਸਿਟੀ ਪ੍ਰਸ਼ਾਸਨ ਦੇ ਅਨੁਸਾਰ ਨਵੇਂ ਰਜਿਸਟਰਡ ਗ੍ਰੈਜੂਏਟ ਵਜੋਂ ਦਾਖਲਾ ਲੈਣ ਲਈ ਅਰਜ਼ੀ ਦੇਣ ਦੀ ਆਖਰੀ ਮਿਤੀ 23 ਫਰਵਰੀ ਹੈ। ਨਿਰਧਾਰਤ ਰਜਿਸਟ੍ਰੇਸ਼ਨ ਫੀਸ 15 ਰੁਪਏ ਹੈ, ਜੋਕਿ ਯੂਨੀਵਰਸਿਟੀ ਦੇ ਰਜਿਸਟਰਾਰ ਦਫ਼ਤਰ ਵਿੱਚ ਅਰਜ਼ੀ ਦੇ ਨਾਲ ਜਮ੍ਹਾ ਕਰਨੀ ਲਾਜ਼ਮੀ ਹੈ। ਵੋਟ ਪਾਉਣ ਦਾ ਅਧਿਕਾਰ ਮੁੜ ਪ੍ਰਾਪਤ ਕਰਨ ਲਈ, ਰਜਿਸਟਰਡ ਗ੍ਰੈਜੂਏਟਾਂ ਨੂੰ 23 ਫਰਵਰੀ ਤੱਕ ਕੋਈ ਵੀ ਬਕਾਇਆ ਬਕਾਇਆ ਭੁਗਤਾਨ ਕਰਨਾ ਪਵੇਗਾ। ਬਕਾਇਆ ਬਕਾਇਆ ਵਾਲੇ ਰਜਿਸਟਰਡ ਗ੍ਰੈਜੂਏਟਾਂ ਦੀ ਸੂਚੀ ਜਲਦੀ ਹੀ ਪੀਯੂ ਦੀ ਅਧਿਕਾਰਤ ਵੈੱਬਸਾਈਟ ਅਤੇ ਪੀਯੂ ਚੋਣ ਸੈੱਲ (ਸਹਾਇਕ ਰਜਿਸਟਰਾਰ) ਦੇ ਦਫ਼ਤਰ ਵਿੱਚ ਉਪਲਬਧ ਕਰਵਾਈ ਜਾਵੇਗੀ। ਸਪਲੀਮੈਂਟਰੀ ਰਜਿਸਟਰਡ ਗ੍ਰੈਜੂਏਟ ਸੂਚੀ 24 ਮਾਰਚ ਨੂੰ ਜਾਰੀ ਕੀਤੀ ਜਾਵੇਗੀ। ਪਤੇ ਵਿੱਚ ਤਬਦੀਲੀ ਦੀ ਰਿਪੋਰਟ ਕਰਨ ਦੀ ਆਖਰੀ ਮਿਤੀ 23 ਅਪ੍ਰੈਲ ਹੈ। ਦਾਅਵੇ ਅਤੇ ਇਤਰਾਜ਼ ਦਾਇਰ ਕਰਨ ਦੀ ਆਖਰੀ ਮਿਤੀ 22 ਜੂਨ ਹੈ। ਰਜਿਸਟਰਾਰ 2 ਜੁਲਾਈ ਨੂੰ ਦਾਅਵਿਆਂ ਅਤੇ ਇਤਰਾਜ਼ਾਂ ਦੀ ਜਾਂਚ ਕਰੇਗਾ। ਰਜਿਸਟਰਾਰ ਦੇ ਫੈਸਲੇ 'ਤੇ ਇਤਰਾਜ਼ਾਂ ਬਾਰੇ ਕਮੇਟੀ 3 ਜੁਲਾਈ ਨੂੰ ਮਿਲੇਗੀ। ਅੰਤਿਮ ਰਜਿਸਟਰਡ ਗ੍ਰੈਜੂਏਟ ਸੂਚੀ 27 ਜੁਲਾਈ ਨੂੰ ਪ੍ਰਕਾਸ਼ਿਤ ਕੀਤੀ ਜਾਵੇਗੀ।

ਆਵਾਜ਼ਿ ਕੌਮ AWAZE QAUM International Newspaper & WEB TV

**ਜਿਲ੍ਹਾ ਪ੍ਰੀਸ਼ਦ ਮੈਂਬਰ**

# ਹਰਜਿੰਦਰ ਸਿੰਘ ਕਾਂਝਲਾ ਦਾ ਕੀਤਾ ਸਨਮਾਨ



**ਸੰਗਾਲਾ ( ਰਣਜੀਤ ਸਿੰਘ ਪੇਧਨੀ )**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਹਲਕੇ ਦੇ ਵਿੱਚ ਪੈਂਦੇ ਪਿੰਡ ਬਾਲੀਆਂ ਜੋਨ ਤੋਂ ਵੱਡੇ ਮਾਰਜਨ ਨਾਲ ਜਿੱਤ ਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਬਣਨ ਤੇ ਠੇਕੇਦਾਰ ਹਰਜਿੰਦਰ ਸਿੰਘ ਕਾਂਝਲਾ ਦਾ ਉੱਘੇ ਸਮਾਜ ਸੇਵੀ ਇਕਬਾਲ ਸਿੰਘ ਲੱਕੀ ਦੇ ਦਫਤਰ ਵਿਖੇ ਦੋਸਤਾਂ ਮਿੱਤਰਾਂ ਵੱਲੋਂ ਵਿਸ਼ੇਸ਼ ਸਨਮਾਨ ਕੀਤਾ ਗਿਆ ।ਇਸ ਮੌਕੇ ਪ੍ਰੈਸ ਨਾਲ ਜਾਣਕਾਰੀ ਸਾਂਝੀ ਕਰਦਿਆਂ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ ਨੇ ਕਿਹਾ ਹ ਕਿ ਉਹ ਜਿੱਥੇ ਪਾਰਟੀ ਦੇ ਲਈ ਦਿਨ ਰਾਤ ਮਿਹਨਤ ਕਰਦੇ ਹਨ ਉੱਥੇ ਆਪਣੇ ਯਾਰਾਂ ਦੋਸਤਾਂ ਦੇ ਲਈ ਹੀ ਵਿਸ਼ੇਸ਼ ਟਾਈਮ ਕੱਢ ਕੇ ਪਰਿਵਾਰ ਵਾਂਗ ਉਨਾਂ ਤੇ ਨਿੱਕੇ ਜਿਹੇ ਸੱਦੇ ਨੂੰ ਕਬੂਲਦਿਆਂ ਹੋਇਆਂ ਹਰ ਖ਼ੁਸ਼ੀ ਗਮੀ ਵਿੱਚ ਚ ਪਹੁੰਚਦੇ ਹਨ ਉਹ ਜੋ ਕੁਝ ਵੀ ਅੱਜ ਹਨ ਉਹ ਆਪਣੇ ਭਰਾਵਾਂ ਦੋਸਤਾਂ ਮਿੱਤਰਾਂ ਤੇ ਸਿਰ ਤੇ ਹਨ।

ਇਸ ਮੌਕੇ ਸੁਖਪਾਲ ਸਿੰਘ ਬਡਬਰ ਡਾਇਰੈਕਟਰ (ਰਵਾਬ ਗਰੁੱਪ) ਸ, ਹਰਵੀਰ ਸਿੰਘ ਕਲੋਨਾਇਜਰ, ਏ,ਪੀ ਸਿੰਘ ਪ੍ਰਧਾਨ ਆਲ ਇੰਡੀਆ ਪੋਸਟਲ ਐਡ ਆਰ ਐਮ ਐਸ, ਰਾਮ ਸਿੰਘ ਕਲੋਨਾਇਜਰ, ਰਣਧੀਰ ਸਿੰਘ ਸਮਾਜ ਸੇਵੀ, ਪੰਕਜ, ਲੱਖੀ ਫਰਵਾਹੀ ਅਤੇ ਪੱਤਰਕਾਰ ਰਣਜੀਤ ਸਿੰਘ ਪੇਧਨੀ ਹਾਜ਼ਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

## ਭਾਰਤ ਵਿੱਚ ਵੱਧ ਰਹੇ ਨਫ਼ਰਤ ਭਰੇ ਭਾਸ਼ਣ ਇੱਕ ਨਵੇਂ ਅਤੇ ਖ਼ਤਰਨਾਕ ਯੁੱਗ ਨੂੰ ਦਰਸਾਉਂਦੇ ਹਨ: ਸੀਐਸਓਐਚ

# ਰਿਪੋਰਟ 2025, ਹੇਟ ਸਪੀਚ ਇਵੈਂਟਸ ਇਨ ਇੰਡੀਆ' ਨਾਮ ਦੀ ਰਿਪੋਰਟ ਵਿੱਚ ਕੀਤੇ ਗਏ ਹਨ ਹੈਰਾਨ ਕਰਨ ਵਾਲੇ ਦਾਅਵੇ




| Name | Position/Affiliation | Hate Speech |
|---|---|---|
| Pushkar Singh Dhami | Chief Minister of Uttarakhand State | 71 |
| Pravin Togadia | Chief of Antarrashtriya Hindu Parishad | 46 |
| Ashwini Upadhyay | BJP Leader and Lawyer | 35 |
| Nitesh Rane | Minister of Ports Development, Maharashtra | 28 |
| T Raja Singh | Former BJP leader and Legislator, Telangana | 27 |
| Amit Shah | Home Minister of India | 27 |
| Manoj Kumar | President of Rashtriya Bajrang Dal | 26 |
| Kajal Hindustani | Far-right Digital Influencer | 23 |
| Yogi Adityanath | Chief Minister of Uttar Pradesh | 22 |
| Yati Narsinghanand Saraswati | Head of Dasna Devi Temple, Uttar Pradesh | 20 |



INDIA HATE LAB

ਨਵੀਂ ਦਿੱਲੀ 20 ਜਨਵਰੀ (ਮਨਪ੍ਰੀਤ ਸਿੰਘ ਖਾਲਸਾ):- ਅਮਰੀਕਾ ਦੇ ਵਾਸ਼ਿੰਗਟਨ ਸਥਿਤ ਇੱਕ ਗੈਰ-ਸਰਕਾਰੀ ਸੰਸਥਾ ਸੈਂਟਰ ਫਾਰ ਸਟੱਡੀ ਆਫ਼ ਆਰਗੇਨਾਈਜ਼ਡ ਹੇਟ ਨੇ ਭਾਰਤ ਵਿੱਚ ਨਫ਼ਰਤੀ ਭਾਸ਼ਣ 'ਤੇ ਇੱਕ ਰਿਪੋਰਟ ਜਾਰੀ ਕੀਤੀ ਹੈ। ਜਾਰੀ ਕੀਤੀ ਗਈ 'ਰਿਪੋਰਟ 2025, ਹੇਟ ਸਪੀਚ ਇਵੈਂਟਸ ਇਨ ਇੰਡੀਆ' ਨਾਮ ਦੀ ਇਸ ਵਿਸਥਾਰ ਪੂਰਵਕ ਰਿਪੋਰਟ ਵਿੱਚ ਹੈਰਾਨ ਕਰਨ ਵਾਲੇ ਦਾਅਵੇ ਕੀਤੇ ਗਏ ਹਨ। ਰਿਪੋਰਟ ਦੇ ਅਨੁਸਾਰ, ਸਾਲ 2025 ਵਿੱਚ ਭਾਰਤ ਵਿੱਚ ਕੁੱਲ 1318 ਸਿੱਧੇ ਨਫ਼ਰਤੀ ਭਾਸ਼ਣ ਦਰਜ ਕੀਤੇ ਗਏ। ਉੱਥੇ ਹੀ 2024 ਦੀ ਤੁਲਨਾ ਵਿੱਚ ਇਹ 13 ਫ਼ੀਸਦੀ ਅਤੇ 2023 ਦੀ ਤੁਲਨਾ ਵਿੱਚ 97 ਫ਼ੀਸਦੀ ਦਾ ਵਾਧਾ ਹੈ। ਇਹ ਰਿਪੋਰਟ 2025 ਵਿੱਚ ਦੇਸ਼ ਭਰ ਵਿੱਚ ਵਿਅਕਤੀਗਤ ਨਫ਼ਰਤ ਭਰੇ ਭਾਸ਼ਣ ਦੀਆਂ ਘਟਨਾਵਾਂ ਦੇ ਪ੍ਰਮਾਣਿਤ ਉਦਾਹਰਣਾਂ ਦਾ ਦਸਤਾਵੇਜ਼ੀਕਰਨ ਅਤੇ ਵਿਸ਼ਲੇਸ਼ਣ ਕਰਦੀ ਹੈ, ਜਿਸ ਵਿੱਚ ਰਾਜਨੀਤਿਕ ਰੈਲੀਆਂ, ਧਾਰਮਿਕ ਜਲੂਸ, ਵਿਰੋਧ ਮਾਰਚ ਅਤੇ ਰਾਸ਼ਟਰਵਾਦੀ ਇਕੱਠ ਸ਼ਾਮਲ ਹਨ। 2024 ਵਿੱਚ ਦੇਖੇ ਗਏ ਨਫ਼ਰਤ ਭਰੇ ਭਾਸ਼ਣ ਵਿੱਚ ਬੇਮਿਸਾਲ ਵਾਧੇ ਤੋਂ ਬਾਅਦ, 2025 ਵਿੱਚ ਨਫ਼ਰਤ ਭਰੇ ਭਾਸ਼ਣ ਦੀਆਂ ਘਟਨਾਵਾਂ ਦੀ ਕੁੱਲ ਮਾਤਰਾ ਹੋਰ ਵੱਧ ਗਈ, ਜੋ ਕਿ ਭਾਰਤ ਦੇ ਰਾਜਨੀਤਿਕ ਅਤੇ ਸਮਾਜਿਕ ਦ੍ਰਿਸ਼ਟੀਕੋਣ ਦੀ ਇੱਕ ਨਿਯਮਤ ਵਿਸ਼ੇਸ਼ਤਾ ਵਜੋਂ ਸੰਪਰਦਾਇਕ ਬਿਆਨਬਾਜ਼ੀ ਦੇ ਡੂੰਘੇ ਜੜ੍ਹ ਨੂੰ ਦਰਸਾਉਂਦੀ ਹੈ। ਉੱਤਰਾਖੰਡ ਦੇ ਮੁੱਖ ਮੰਤਰੀ ਪੁਸ਼ਕਰ ਸਿੰਘ ਧਾਮੀ 2025 ਵਿੱਚ ਸਭ ਤੋਂ ਵੱਧ ਨਫ਼ਰਤ ਫੈਲਾਉਣ ਵਾਲੇ ਅਦਾਕਾਰ ਵਜੋਂ ਉਭਰੇ, ਜਿਨ੍ਹਾਂ ਨੇ 71 ਭਾਸ਼ਣ ਦਿੱਤੇ, ਉਨ੍ਹਾਂ ਤੋਂ ਬਾਅਦ ਅੰਤਰਰਾਸ਼ਟਰੀ ਹਿੰਦੂ ਪਰਿਸ਼ਦ ਦੇ ਮੁਖੀ ਪ੍ਰਵੀਨ ਤੋਗੜੀਆ (46) ਅਤੇ ਭਾਜਪਾ ਨੇਤਾ ਅਸ਼ਵਨੀ ਉਪਾਧਿਆਏ (35) ਦਾ ਨੰਬਰ ਆਉਂਦਾ ਹੈ। 2025 ਵਿੱਚ ਧਾਰਮਿਕ ਘੱਟ ਗਿਣਤੀਆਂ ਨੂੰ ਨਿਸ਼ਾਨਾ ਬਣਾਉਣ ਵਾਲੀਆਂ ਦਰਜ ਕੀਤੀਆਂ ਨਫ਼ਰਤ ਭਰੇ ਭਾਸ਼ਣ ਦੀਆਂ ਘਟਨਾਵਾਂ ਦੀ ਗਿਣਤੀ 2024 ਵਿੱਚ ਦਰਜ 1,165 ਮਾਮਲਿਆਂ ਨੂੰ ਪਾਰ ਕਰ ਗਈ। ਇਹ ਵਾਧਾ ਭਾਰਤ ਦੇ ਰਾਜਨੀਤਿਕ ਦ੍ਰਿਸ਼ਟੀਕੋਣ ਵਿੱਚ ਇੱਕ ਮਹੱਤਵਪੂਰਨ ਤਬਦੀਲੀ ਦਾ ਸੰਕੇਤ ਦਿੰਦਾ ਹੈ, ਜਿਸ ਵਿੱਚ ਭੜਕਾਊ ਬਿਆਨਬਾਜ਼ੀ ਇੱਕ ਮੁਹਿੰਮ-ਵਿਸ਼ੇਸ਼ ਰਣਨੀਤੀ ਤੋਂ ਰਾਜਨੀਤਿਕ ਸ਼ਾਸਨ ਦੇ ਇੱਕ ਆਮ ਅਤੇ ਨਿਰੰਤਰ ਤੈਨਾਤ ਵਿਧੀ ਵਿੱਚ ਵਿਕਸਤ ਹੋਈ ਹੈ।2025 ਵਿੱਚ ਨਫ਼ਰਤ ਭਰੇ ਭਾਸ਼ਣ ਦੀ ਨਿਰੰਤਰ ਤੀਬਰਤਾ ਸੱਤਾਧਾਰੀ ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਇਸ ਦੇ ਸਹਿਯੋਗੀ ਹਿੰਦੂ ਰਾਸ਼ਟਰਵਾਦੀ ਸੰਗਠਨਾਂ ਦੇ ਬਹੁਮਤਵਾਦੀ ਵਿਚਾਰਧਾਰਕ ਪ੍ਰੋਜੈਕਟ ਵਿੱਚ ਟਿਕੀ ਹੋਈ ਸੀ। ਸਾਡੀ 2024 ਦੀ ਰਿਪੋਰਟ ਨੇ ਇਸ ਗੱਲ ਨੂੰ ਉਜਾਗਰ ਕੀਤਾ ਕਿ ਉੱਚ-ਪੱਧਰੀ ਰਾਸ਼ਟਰੀ ਭਾਜਪਾ ਨੇਤਾ ਨਫ਼ਰਤ ਭਰੇ ਭਾਸ਼ਣ ਦੇ ਪ੍ਰਸਾਰ ਵਿੱਚ ਤੇਜ਼ੀ ਨਾਲ ਅੱਗੇ ਵਧੇ ਸਨ। ਸਾਲ 2025 ਵਿੱਚ ਇਸ ਰੁਝਾਨ ਨੂੰ ਇਕਜੁੱਟ ਅਤੇ ਮਜ਼ਬੂਤ ਕੀਤਾ ਗਿਆ, ਜਿਸ ਨਾਲ ਫਿਰਕੂ ਦੁਸ਼ਮਣੀ ਪੈਦਾ ਕਰਨ ਲਈ ਇੱਕ ਉੱਪਰ ਤੋਂ ਹੇਠਾਂ ਪ੍ਰਵਾਨਗੀ ਸਥਾਪਤ ਕੀਤੀ ਗਈ ਜੋ ਜ਼ਮੀਨੀ ਪੱਧਰ 'ਤੇ ਸੰਗਠਨ

### ਨਫਰਤੀ ਭਾਸ਼ਣ ਦੇਣ ਵਾਲਿਆਂ ਵਿਚ ਪੁਸ਼ਕਰ ਧਾਮੀ, ਪ੍ਰਵੀਨ ਤੋਗੜਿਆ, ਅਸ਼ਵਨੀ ਉਪਾਧਾਏ, ਅਮਿਤ ਸ਼ਾਹ, ਯੋਗੀ ਆਦਿਤਿਆਨਾਥ ਵਰਗੇ ਸ਼ਾਮਿਲ

ਅਤੇ ਰਾਜਨੀਤੀ ਦੇ ਪੱਧਰ ਤੱਕ ਵਹਿ ਗਈ। ਉੱਚ-ਦਾਅ ਵਾਲੇ ਦਿੱਲੀ ਅਤੇ ਬਿਹਾਰ ਰਾਜ ਚੋਣਾਂ ਅਤੇ ਸਥਾਨਕ ਸੰਸਥਾਵਾਂ ਦੀਆਂ ਚੋਣਾਂ ਇਸ ਤਬਦੀਲੀ ਲਈ ਮੁੱਖ ਉਤਪ੍ਰੇਰਕ ਸਨ, ਜੋ ਕਿ ਬੇਦਖਲੀ ਅਤੇ ਡਰ ਪੈਦਾ ਕਰਨ ਵਾਲੇ ਬਿਰਤਾਂਤਾਂ ਦੀ ਵਾਰ-ਵਾਰ ਤਾਇਨਾਤੀ ਲਈ ਨਵੇਂ ਥੀਏਟਰ ਵਜੋਂ ਕੰਮ ਕਰਦੀਆਂ ਸਨ। ਇਸਦੇ ਨਾਲ ਹੀ, ਪ੍ਰਸਤਾਵਿਤ ਕਰਨਾਟਕ ਨਫ਼ਰਤ ਭਰੇ ਭਾਸ਼ਣ ਅਤੇ ਨਫ਼ਰਤ ਅਪਰਾਧ (ਰੋਕਥਾਮ) ਬਿੱਲ, 2025 ਵਰਗੇ ਨਵੇਂ ਸਥਾਨਕ ਵਿਧਾਨਕ ਉਪਾਵਾਂ ਦੇ ਲਾਗੂ ਹੋਣ ਨੇ ਮੁੱਦੇ ਦੀ ਗੰਭੀਰਤਾ ਦੀ ਵਧਦੀ, ਭਾਵੇਂ ਖੰਡਿਤ, ਰਾਜ-ਪੱਧਰੀ ਮਾਨਤਾ ਨੂੰ ਉਜਾਗਰ ਕੀਤਾ, ਭਾਵੇਂ ਰਾਸ਼ਟਰੀ ਪੱਧਰ 'ਤੇ ਬਿਆਨਬਾਜ਼ੀ ਨਿਰੰਤਰ ਜਾਰੀ ਰਹੀ।2025 ਵਿੱਚ ਵਿਅਕਤੀਗਤ ਸਮਾਗਮਾਂ ਵਿੱਚ ਨਫ਼ਰਤ ਭਰੇ ਭਾਸ਼ਣ ਦੀ ਸਮੱਗਰੀ ਮੁੱਖ ਹਿੰਦੂ ਰਾਸ਼ਟਰਵਾਦੀ ਟ੍ਰੋਪਾਂ ਨੂੰ ਦਰਸਾਉਂਦੀ ਰਹੀ - ਕੇਂਦਰੀ ਤੌਰ 'ਤੇ, ਮੁਸਲਮਾਨਾਂ ਨੂੰ ਸਥਾਈ ਬਾਹਰੀ ਅਤੇ ਹਿੰਦੂ-ਬਹੁਗਿਣਤੀ ਰਾਸ਼ਟਰ ਲਈ ਇੱਕ ਹੋਂਦ ਦਾ ਖ਼ਤਰਾ ਹੋਣ ਦਾ ਵਿਚਾਰ। ਇਸ ਮੁੱਖ ਵਿਚਾਰਧਾਰਕ ਪ੍ਰਸਤਾਵ ਨੂੰ ਕਈ ਸਾਜ਼ਿਸ਼ ਸਿਧਾਂਤਾਂ ਦੁਆਰਾ ਉਬਾਲਿਆ ਗਿਆ ਸੀ, ਜਿਸ ਵਿੱਚ ਮੁਸਲਿਮ ਭਾਰਤੀਆਂ ਦੁਆਰਾ ਕੀਤੇ ਗਏ ਜੇਹਾਦ ਦੇ ਵੱਖ-ਵੱਖ ਪ੍ਰੋਜੈਕਟਾਂ ਦੇ ਦੋਸ਼ ਸ਼ਾਮਲ ਸਨ। ਇਹ ਬਿਰਤਾਂਤ ਘੱਟ ਗਿਣਤੀਆਂ ਨੂੰ ਹਿੰਦੂ ਸੱਭਿਆਚਾਰ, ਜਨਸੰਖਿਆ ਦੇ ਦਬਦਬੇ ਅਤੇ ਦੌਲਤ ਨੂੰ ਬੇਦਖਲ ਕਰਨ ਦੇ ਇਰਾਦੇ ਵਾਲੇ ਸੰਗਠਿਤ ਹਮਲਾਵਰਾਂ ਵਜੋਂ ਦਰਸਾਉਣ ਲਈ ਤਿਆਰ ਕੀਤੇ ਗਏ ਸਨ।2025 ਵਿੱਚ ਭੜਕਾਊ ਬਿਆਨਬਾਜ਼ੀ ਦੇ ਪੈਟਰਨ, ਜੋ ਕਿ ਪਹਿਲਾਂ ਦੇ ਸਾਲਾਂ ਦੇ ਮੁਕਾਬਲੇ ਮਾਪਦੰਡ ਸਨ, ਨੇ ਵਧੇਰੇ ਸਪੱਸ਼ਟ ਭੜਕਾਹਟ ਵੱਲ ਇੱਕ ਸਥਿਰ ਤਰੱਕੀ ਦਾ ਖੁਲਾਸਾ ਕੀਤਾ। ਰਿਪੋਰਟ ਵਿੱਚ ਖਤਰਨਾਕ ਭਾਸ਼ਣ (ਹਿੰਸਾ ਦੇ ਜੋਖਮ ਨੂੰ ਵਧਾਉਣ ਵਾਲੇ ਭਾਸ਼ਣ ਵਜੋਂ ਪਰਿਭਾਸ਼ਿਤ) ਦੇ ਨਿਰੰਤਰ ਪ੍ਰਚਲਨ ਨੂੰ ਨੋਟ ਕੀਤਾ ਗਿਆ ਹੈ ਜਿਸ ਵਿੱਚ ਰਾਜਨੀਤਿਕ ਨੇਤਾ ਅਤੇ ਸੱਜੇ-ਪੱਖੀ ਹਸਤੀਆਂ ਖੁੱਲ੍ਹੇਆਮ ਅਮਾਨਵੀ ਭਾਸ਼ਾ ਦੀ ਵਰਤੋਂ ਕਰ ਰਹੀਆਂ ਹਨ, ਆਰਥਿਕ ਬਾਈਕਾਟ ਦੀ ਅਪੀਲ ਕਰ ਰਹੀਆਂ ਹਨ, ਘੱਟ ਗਿਣਤੀਆਂ ਦੀ ਮਲਕੀਅਤ ਵਾਲੀਆਂ ਜਾਇਦਾਦਾਂ ਅਤੇ ਪੂਜਾ ਸਥਾਨਾਂ ਨੂੰ ਤਬਾਹ ਕਰਨ ਦੀ ਅਪੀਲ ਕਰ ਰਹੀਆਂ ਹਨ, ਅਤੇ ਮੁਸਲਮਾਨਾਂ ਦੇ ਖ਼ਤਰੇ ਨੂੰ ਦੇਖਦੇ ਹੋਏ ਹਿੰਦੂਆਂ ਨੂੰ ਹਥਿਆਰਬੰਦ ਹੋਣ ਦੀ ਸਪੱਸ਼ਟ ਅਪੀਲਾਂ ਜਾਰੀ ਕਰ ਰਹੀਆਂ ਹਨ। 2025 ਵਿੱਚ ਨਫ਼ਰਤ ਦੇ ਵਾਤਾਵਰਣ ਨੇ ਆਪਣੇ ਬਹੁਤ ਹੀ ਸੰਗਠਿਤ ਚਰਿੱਤਰ ਨੂੰ ਬਣਾਈ ਰੱਖਿਆ। ਪਿਛਲੇ ਸਾਲ ਵਾਂਗ, ਭਾਰਤੀ ਜਨਤਾ ਪਾਰਟੀ (ਭਾਜਪਾ) ਅਤੇ ਰਾਸ਼ਟਰੀ ਸਵੈਮ ਸੇਵਕ ਸੰਘ (ਆਰਐਸਐਸ) ਦੇ ਸਹਿਯੋਗੀ ਸੰਗਠਨ, ਜਿਵੇਂ ਕਿ ਵਿਸ਼ਵ ਹਿੰਦੂ ਪ੍ਰੀਸ਼ਦ (ਵੀਐਚਪੀ) ਅਤੇ ਬਜਰੰਗ ਦਲ, ਵਿਅਕਤੀਗਤ ਨਫ਼ਰਤ ਭਾਸ਼ਣ ਸਮਾਗਮਾਂ ਦੇ ਕੇਂਦਰੀ ਚਾਲਕ ਸਨ। ਇਹਨਾਂ ਸੰਗਠਨਾਂ ਦੇ ਪੂਰਕ, ਅੰਤਰਰਾਸ਼ਟਰ ਹਿੰਦੂ ਪ੍ਰੀਸ਼ਦ, ਰਾਸ਼ਟਰੀ ਬਜਰੰਗ ਦਲ, ਸਕਲ ਹਿੰਦੂ ਸਮਾਜ, ਅਤੇ ਹਿੰਦੂ ਜਨਜਾਗ੍ਰਿਤੀ ਸਮਿਤੀ (ਐਚਜੇਐਸ) ਸਮੇਤ ਹੋਰ ਸੱਜੇ-ਪੱਖੀ ਸਮੂਹਾਂ ਨੇ ਵੀ ਨਫ਼ਰਤ-ਭਾਸ਼ਣ ਲਾਮਬੰਦੀ ਦੇ ਆਰਕੀਟੈਕਟ ਅਤੇ ਸੁਵਿਧਾਕਰਤਾ ਵਜੋਂ ਮਹੱਤਵਪੂਰਨ ਭੂਮਿਕਾ ਨਿਭਾਈ। ਕੁੱਲ ਮਿਲਾ ਕੇ, ਇਸ ਰਿਪੋਰਟ ਵਿੱਚ ਪਛਾਣੇ ਗਏ ਨਮੂਨੇ ਭਾਰਤ ਵਿੱਚ ਨਫ਼ਰਤ ਭਰੇ ਭਾਸ਼ਣ ਦੇ ਸੰਸਥਾਗਤ ਸਧਾਰਣਕਰਨ ਅਤੇ ਜੜ੍ਹ ਫੜਨ ਦੇ ਇੱਕ ਨਵੇਂ ਅਤੇ ਖ਼ਤਰਨਾਕ ਯੁੱਗ ਨੂੰ ਦਰਸਾਉਂਦੇ ਹਨ। ਹਿੰਦੂ ਰਾਸ਼ਟਰਵਾਦ ਦੇ ਰਾਜਨੀਤਿਕ ਪ੍ਰੋਜੈਕਟ ਨੇ ਨਫ਼ਰਤ ਭਰੇ ਭਾਸ਼ਣ ਨੂੰ ਆਪਣੀ ਕਾਰਜਸ਼ੀਲ ਮਸ਼ੀਨਰੀ ਵਿੱਚ ਪੂਰੀ ਤਰ੍ਹਾਂ ਜਜ਼ਬ ਕਰ ਲਿਆ ਹੈ, ਇਸਨੂੰ ਰਾਜਨੀਤਿਕ ਭਾਸ਼ਣ ਅਤੇ ਜਨਤਕ ਜੀਵਨ ਦੇ ਇੱਕ ਜ਼ਰੂਰੀ ਅਤੇ ਅੰਦਰੂਨੀ ਹਿੱਸੇ ਵਜੋਂ ਜਾਇਜ਼ ਠਹਿਰਾਇਆ ਹੈ। 2023 ਅਤੇ 2024 ਦੇ ਰਿਪੋਰਟਿੰਗ ਸਮੇਂ ਵਿੱਚ ਦਸਤਾਵੇਜ਼ੀ ਤੌਰ 'ਤੇ ਪਹਿਲਾਂ ਹੀ ਗੰਭੀਰ ਬੇਸਲਾਈਨ ਪੱਧਰਾਂ ਤੋਂ ਇਸ ਰੁਝਾਨ ਦਾ ਨਿਰੰਤਰ ਵਾਧਾ ਰਾਸ਼ਟਰੀ ਸਮਾਜਿਕ ਅਤੇ ਰਾਜਨੀਤਿਕ ਮਾਹੌਲ ਦੇ ਇੱਕ ਮਹੱਤਵਪੂਰਨ ਨਿਘਾਰ ਨੂੰ ਦਰਸਾਉਂਦਾ ਹੈ। ਭਾਰਤ ਦੇ ਇਸ ਬਦਲੇ ਹੋਏ ਮਾਹੌਲ ਵਿੱਚ, ਘੱਟ ਗਿਣਤੀ ਵਿਰੋਧੀ ਦੁਸ਼ਮਣੀ ਦੇ ਵਧਦੇ ਭਿਆਨਕ ਪ੍ਰਗਟਾਵੇ ਨੂੰ ਦੇਸ਼ ਦੀਆਂ ਸਭ ਤੋਂ ਸ਼ਕਤੀਸ਼ਾਲੀ ਰਾਜਨੀਤਿਕ ਹਸਤੀਆਂ ਅਤੇ ਉੱਚ ਦਫ਼ਤਰਾਂ ਦੁਆਰਾ ਸਰਗਰਮੀ ਨਾਲ ਪ੍ਰਵਾਨਗੀ ਅਤੇ ਸਮਰਥਨ ਦਿੱਤਾ ਜਾ ਰਿਹਾ ਹੈ। ਸੋਸ਼ਲ ਮੀਡੀਆ ਕੰਪਨੀਆਂ ਵੱਲੋਂ ਆਪਣੇ ਭਾਈਚਾਰਕ ਮਿਆਰਾਂ ਨੂੰ ਲਾਗੂ ਕਰਨ ਲਈ ਸੰਸਥਾਗਤ ਇੱਛਾ ਸ਼ਕਤੀ ਦੀ ਸਪੱਸ਼ਟ ਘਾਟ ਦੇ ਕਾਰਨ ਡਿਜੀਟਲ ਪਲੇਟਫਾਰਮਾਂ 'ਤੇ ਅਜਿਹੀਆਂ ਭਾਵਨਾਵਾਂ ਨੂੰ ਹੋਰ ਵੀ ਵਧਾਇਆ ਜਾਂਦਾ ਹੈ, ਜੋ ਨਿਯਮਿਤ ਤੌਰ 'ਤੇ ਖਾਲੀ ਬਿਆਨਬਾਜ਼ੀ ਅਤੇ ਕਾਸਮੈਟਿਕ ਦਖਲਅੰਦਾਜ਼ੀ ਨਾਲ ਅਰਥਪੂਰਨ ਕਾਰਵਾਈ ਦੀ ਥਾਂ ਲੈਂਦੇ ਹਨ। ਉੱਤਰ ਪ੍ਰਦੇਸ਼ (266), ਮਹਾਰਾਸ਼ਟਰ (193), ਮੱਧ ਪ੍ਰਦੇਸ਼ (172), ਉਤਰਾਖੰਡ (155), ਅਤੇ ਦਿੱਲੀ (76) ਵਿੱਚ ਨਫ਼ਰਤ ਭਰੇ ਭਾਸ਼ਣ ਦੀਆਂ ਸਭ ਤੋਂ ਵੱਧ ਘਟਨਾਵਾਂ ਦਰਜ ਕੀਤੀਆਂ ਗਈਆਂ। 308 ਭਾਸ਼ਣਾਂ (23 ਪ੍ਰਤੀਸ਼ਤ) ਵਿੱਚ ਹਿੰਸਾ ਲਈ ਸਪੱਸ਼ਟ ਸੱਦਾ ਸੀ, ਜਦੋਂ ਕਿ 136 ਭਾਸ਼ਣਾਂ ਵਿੱਚ ਹਥਿਆਰਾਂ ਦੀ ਸਿੱਧੀ ਅਪੀਲ ਸ਼ਾਮਲ ਸੀ। 276 ਭਾਸ਼ਣਾਂ ਵਿੱਚ ਧਾਰਮਿਕ ਸਥਾਨਾਂ ਸਮੇਤ ਪੂਜਾ ਸਥਾਨਾਂ ਨੂੰ ਹਟਾਉਣ ਜਾਂ ਤਬਾਹ ਕਰਨ ਦਾ ਸੱਦਾ ਦਿੱਤਾ ਗਿਆ। ਵਿਸ਼ਵ ਹਿੰਦੂ ਪ੍ਰੀਸ਼ਦ ਅਤੇ ਬਜਰੰਗ ਦਲ ਸਭ ਤੋਂ ਵੱਧ ਵਾਰ-ਵਾਰ ਆਯੋਜਕਾਂ ਵਜੋਂ ਉਭਰੇ, ਜੋ 289 ਨਫ਼ਰਤ ਭਰੇ ਭਾਸ਼ਣ ਸਮਾਗਮਾਂ (22 ਪ੍ਰਤੀਸ਼ਤ) ਨਾਲ ਜੁੜੇ ਹੋਏ ਸਨ, ਇਸ ਤੋਂ ਬਾਅਦ ਅੰਤਰਰਾਸ਼ਟਰੀ ਹਿੰਦੂ ਪ੍ਰੀਸ਼ਦ (138 ਸਮਾਗਮ) ਦਾ ਨੰਬਰ ਆਉਂਦਾ ਹੈ। 2025 ਵਿੱਚ 160 ਤੋਂ ਵੱਧ ਸੰਗਠਨਾਂ ਅਤੇ ਗੈਰ-ਰਸਮੀ ਸਮੂਹਾਂ ਦੀ ਪਛਾਣ ਆਯੋਜਕਾਂ ਜਾਂ ਸਹਿ-ਉੱਤਰ ਪ੍ਰਦੇਸ਼ (266), ਮਹਾਰਾਸ਼ਟਰ (193), ਮੱਧ ਪ੍ਰਦੇਸ਼ (172), ਉਤਰਾਖੰਡ (155), ਅਤੇ ਦਿੱਲੀ (76) ਵਿੱਚ ਨਫ਼ਰਤ ਭਰੇ ਭਾਸ਼ਣ ਦੀਆਂ ਸਭ ਤੋਂ ਵੱਧ ਘਟਨਾਵਾਂ ਦਰਜ ਕੀਤੀਆਂ ਗਈਆਂ। 308 ਭਾਸ਼ਣਾਂ (23 ਪ੍ਰਤੀਸ਼ਤ) ਵਿੱਚ ਹਿੰਸਾ ਲਈ ਸਪੱਸ਼ਟ ਸੱਦਾ ਸੀ, ਜਦੋਂ ਕਿ 136 ਭਾਸ਼ਣਾਂ ਵਿੱਚ ਹਥਿਆਰਾਂ ਦੀ ਸਿੱਧੀ ਅਪੀਲ ਸ਼ਾਮਲ ਸੀ। 276 ਭਾਸ਼ਣਾਂ ਵਿੱਚ ਧਾਰਮਿਕ ਸਥਾਨਾਂ ਸਮੇਤ ਪੂਜਾ ਸਥਾਨਾਂ ਨੂੰ ਹਟਾਉਣ ਜਾਂ ਤਬਾਹ ਕਰਨ ਦਾ ਸੱਦਾ ਦਿੱਤਾ ਗਿਆ। ਵਿਸ਼ਵ ਹਿੰਦੂ ਪ੍ਰੀਸ਼ਦ ਅਤੇ ਬਜਰੰਗ ਦਲ ਸਭ ਤੋਂ ਵੱਧ ਵਾਰ-ਵਾਰ ਆਯੋਜਕਾਂ ਵਜੋਂ ਉਭਰੇ, ਜੋ 289 ਨਫ਼ਰਤ ਭਰੇ ਭਾਸ਼ਣ ਸਮਾਗਮਾਂ (22 ਪ੍ਰਤੀਸ਼ਤ) ਨਾਲ ਜੁੜੇ ਹੋਏ ਸਨ, ਇਸ ਤੋਂ ਬਾਅਦ ਅੰਤਰਰਾਸ਼ਟਰੀ ਹਿੰਦੂ ਪ੍ਰੀਸ਼ਦ (138 ਸਮਾਗਮ) ਦਾ ਨੰਬਰ ਆਉਂਦਾ ਹੈ। 2025 ਵਿੱਚ 160 ਤੋਂ ਵੱਧ ਸੰਗਠਨਾਂ ਅਤੇ ਗੈਰ-ਰਸਮੀ ਸਮੂਹਾਂ ਦੀ ਪਛਾਣ ਆਯੋਜਕਾਂ ਜਾਂ ਸਹਿ-ਆਯੋਜਕਾਂ ਵਜੋਂ ਕੀਤੀ ਗਈ ਸੀ।